ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum** (ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 3 ਜਨਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੧੯ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ ਭਾਜਪਾ ਨੂੰ ਜਲਦ ਮਿਲੇਗਾ ਨਵਾਂ ਪ੍ਰਧਾਨ, ਮੁੜ ਕਾਂਗਰਸੀ ਆਗੂ 'ਤੇ ਖੇਡਿਆ ਜਾਵੇਗਾ ਦਾਅ ?

**ਨਵੀਂ ਦਿੱਲੀ 2 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਭਾਜਪਾ ਨੂੰ ਇਸ ਵਾਰ ਨਾਮਜ਼ਦ ਪ੍ਰਧਾਨ ਮਿਲਣ ਦੀ ਸੰਭਾਵਨਾ ਹੈ। ਇਸ ਦਾ ਐਲਾਨ ਜਨਵਰੀ 2025 ਦੇ ਅੰਤ 'ਚ ਰਾਸ਼ਟਰੀ ਪ੍ਰਧਾਨ ਦੀ ਚੋਣ ਤੋਂ ਬਾਅਦ ਕੀਤਾ ਜਾ ਸਕਦਾ ਹੈ। ਦੱਸ ਦਈਏ ਕਿ ਭਾਜਪਾ ਪੰਜਾਬ 'ਚ ਮੈਂਬਰਸ਼ਿਪ ਮੁਹਿੰਮ ਨੂੰ ਪੂਰਾ ਨਹੀਂ ਕਰ ਸਕੀ, ਅਜਿਹੇ 'ਚ ਜੇ ਚੋਣਾਂ ਨਹੀਂ ਹੋ ਸਕਦੀਆਂ ਤਾਂ ਪਾਰਟੀ ਦਾ ਰਾਸ਼ਟਰੀ ਪ੍ਰਧਾਨ ਸੂਬਾ ਪ੍ਰਧਾਨ ਨੂੰ ਨਾਮਜ਼ਦ ਕਰੇਗਾ। ਪਾਰਟੀ ਦੇ ਮੌਜੂਦਾ ਕੌਮੀ ਪ੍ਰਧਾਨ ਜੇਪੀ ਨੱਡਾ ਦੀ ਥਾਂ ਲੈਣ ਲਈ ਇਸ ਮਹੀਨੇ ਕੌਮੀ ਪ੍ਰਧਾਨ ਦੀ ਚੋਣ ਹੋਣ ਦੀ ਸੰਭਾਵਨਾ ਹੈ। ਇਸ ਦੌਰਾਨ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ। ਅਜਿਹੇ 'ਚ ਇਸ ਵਾਰ ਪੰਜਾਬ ਪ੍ਰਧਾਨ ਦੇ ਅਹੁਦੇ ਲਈ ਤਿੰਨ ਸਾਬਕਾ ਕਾਂਗਰਸੀਆਂ ਦੇ ਨਾਵਾਂ 'ਤੇ ਚਰਚਾ ਹੋ ਰਹੀ ਹੈ, ਜੋ ਸੁਨੀਲ ਜਾਖੜ ਦੀ ਜਗ੍ਹਾ ਲੈਣਗੇ। ਸੁਨੀਲ ਜਾਖੜ ਦੀ ਥਾਂ ਲੈਣ ਲਈ ਤਿੰਨ ਸਾਬਕਾ ਕਾਂਗਰਸੀ ਆਗੂਆਂ ਦੇ ਨਾਂਅ ਚਰਚਾ ਵਿੱਚ ਹਨ। ਪੰਜਾਬ ਦੇ ਸਾਬਕਾ ਵਿੱਤ ਮੰਤਰੀ ਮਨਪ੍ਰੀਤ ਬਾਦਲ ਨੂੰ ਕੇਂਦਰੀ ਵਣਜ ਮੰਤਰੀ ਪਿਊਸ਼ ਗੋਇਲ ਦਾ ਸਮਰਥਨ ਹਾਸਲ ਹੈ। ਸਾਬਕਾ ਵਿਧਾਇਕ ਕੇਵਲ ਢਿੱਲੋਂ ਨੂੰ ਪੰਜਾਬ ਦੇ ਜਨਰਲ ਸਕੱਤਰ (ਸੰਗਠਨ) ਐਮ. ਸ਼੍ਰੀਨਿਵਾਸਲੂ ਦਾ ਸਮਰਥਨ ਹਾਸਲ ਹੈ। ਇਸ ਦੇ ਨਾਲ ਹੀ ਸਾਬਕਾ ਮੰਤਰੀ ਰਾਣਾ ਗੁਰਮੀਤ ਸੋਢੀ ਨੂੰ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦਾ ਸਮਰਥਨ ਮਿਲ ਰਿਹਾ ਹੈ।

### ਭਾਈ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਬਣਨ ਤੋਂ ਪਹਿਲਾਂ ਹੀ ਅਕਾਲੀ ਦਲ ਨੇ ਵੀ ਕਰ ਦਿੱਤਾ ਵੱਡਾ ਐਲਾਨ

# 'ਮਾਘੀ ਦੇ ਮੇਲੇ' ਹੋਏਗਾ ਸ਼ਕਤੀ ਪ੍ਰਦਰਸ਼ਨ

**ਚੰਡੀਗੜ੍ਹ, 2 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਕੌਮੀ ਸੁਰੱਖਿਆ ਕਾਨੂੰਨ (ਐਨਐਸਏ) ਤਹਿਤ ਬੰਦ ਖਾਲਿਸਤਾਨ ਸਮਰਥਕ ਤੇ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ 14 ਜਨਵਰੀ ਨੂੰ ਪੰਜਾਬ ਦੀ ਨਵੀਂ ਖੇਤਰੀ ਸਿਆਸੀ ਪਾਰਟੀ ਦੀ ਸ਼ੁਰੂਆਤ ਕਰਨਗੇ। ਇਹ ਐਲਾਨ ਸ੍ਰੀ ਮੁਕਤਸਰ ਸਾਹਿਬ ਵਿਖੇ ਮਾਘੀ ਦੇ ਤਿਉਹਾਰ ਮੌਕੇ ਕਰਵਾਏ ਜਾ ਰਹੇ 'ਮਾਘੀ ਦੇ ਮੇਲੇ' ਦੌਰਾਨ ਕੀਤਾ ਜਾਵੇਗਾ। ਇਸ ਮੌਕੇ 'ਪੰਥ ਬਚਾਓ, ਪੰਜਾਬ ਬਚਾਓ' ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਵੱਡੀ ਗਿਣਤੀ ਲੋਕਾਂ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ। ਰੈਲੀ ਦੌਰਾਨ ਅੰਮ੍ਰਿਤਪਾਲ ਸਿੰਘ ਦੇ ਪਿਤਾ ਤੇ ਉਨ੍ਹਾਂ ਦੇ ਨੇੜਲੇ ਸਾਥੀਆਂ ਵੱਲੋਂ ਪਾਰਟੀ ਦਾ ਐਲਾਨ ਕੀਤਾ ਜਾਵੇਗਾ। ਉਧਰ, ਇਸ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਨੇ ਵੀ 'ਮਾਘੀ ਦੇ ਮੇਲੇ' ਮੌਕੇ ਵੱਡੀ ਕਾਨਫਰੰਸ ਕਰਨ ਦਾ ਐਲਾਨ ਕਰ ਦਿੱਤਾ ਹੈ। ਅਕਾਲੀ ਦਲ 'ਚ ਚੱਲ ਰਹੀ ਉਥਲ-ਪੁਥਲ ਦਰਮਿਆਨ ਇਹ ਕਿਆਸ ਲਾਏ ਜਾ ਰਹੇ ਸਨ ਕਿ ਇਸ ਸਾਲ ਉਹ ਮਾਘ ਮੇਲੇ 'ਚ ਆਪਣੀ ਸਾਲਾਨਾ ਕਾਨਫਰੰਸ ਨਹੀਂ ਕਰਨਗੇ ਪਰ ਅੱਜ ਬਾਅਦ ਦੁਪਹਿਰ ਅਕਾਲੀ ਦਲ ਦੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਨੇ ਐਲਾਨ ਕੀਤਾ ਹੈ ਕਿ ਇਸ ਸਾਲ ਅਕਾਲੀ ਦਲ ਕਾਨਫਰੰਸ ਕਰਨ ਜਾ ਰਿਹਾ ਹੈ। ਡਾ. ਦਲਜੀਤ ਸਿੰਘ ਚੀਮਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਉਹ 14 ਜਨਵਰੀ ਨੂੰ ਮਾਘੀ ਮੌਕੇ ਸ੍ਰੀ ਮੁਕਤਸਰ ਸਾਹਿਬ ਵਿਖੇ ਵਿਸ਼ਾਲ ਸਾਲਾਨਾ ਅਕਾਲੀ ਕਾਨਫਰੰਸ ਕਰਨਗੇ। ਇਸ ਸਮਾਗਮ ਨੂੰ ਸਫਲ ਬਣਾਉਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਸ਼੍ਰੋਮਣੀ ਅਕਾਲੀ ਦਲ ਦੇ ਸਾਰੇ ਸੀਨੀਅਰ ਆਗੂ ਸ਼ਿਰਕਤ ਕਰਨਗੇ। ਦਰਅਸਲ ਸਿੱਖਾਂ ਨਾਲ ਸਬੰਧਤ ਮੁੱਦਿਆਂ ਨੂੰ ਲੈ ਕੇ ਅਕਸਰ ਸੁਰਖੀਆਂ ਵਿੱਚ ਰਹਿਣ ਵਾਲੇ ਅੰਮ੍ਰਿਤਪਾਲ ਸਿੰਘ ਦੇ ਇਸ ਕਦਮ ਨੇ ਖੇਤਰੀ ਸਿਆਸਤ ਵਿੱਚ ਹਲਚਲ ਮਚਾ ਦਿੱਤੀ ਹੈ। ਉਨ੍ਹਾਂ ਦੀ ਪਾਰਟੀ ਦੇ ਮੁੱਦੇ ਸੂਬੇ ਵਿੱਚ ਸਿੱਖ ਭਾਈਚਾਰੇ ਦੇ ਹਿੱਤਾਂ ਦੀ ਰਾਖੀ ਕਰਨ ਤੇ ਪੰਜਾਬ ਦੀਆਂ ਸਥਾਨਕ ਸਮੱਸਿਆਵਾਂ ਜਿਵੇਂ ਬੇਰੁਜ਼ਗਾਰੀ, ਖੇਤੀ ਸੰਕਟ ਤੇ ਵਾਤਾਵਰਣ ਦੀ ਸੁਰੱਖਿਆ 'ਤੇ ਧਿਆਨ ਕੇਂਦਰਿਤ ਕਰਨਗੇ। ਇਸ ਦੇ ਨਾਲ ਹੀ ਉਹ ਨਸ਼ੇ 'ਤੇ ਵੀ ਆਪਣੀ ਆਵਾਜ਼ ਬੁਲੰਦ ਕਰਨਗੇ। ਗਰਮ ਖਿਆਲੀਏ ਇਹ ਕਦਮ ਉਸ ਵੇਲੇ ਚੁੱਕ ਰਹੇ ਹਨ ਜਦੋਂ ਸ਼੍ਰੋਮਣੀ ਅਕਾਲੀ ਦਲ ਵੱਡੇ ਸੰਕਟ ਦਾ ਸਾਹਮਣਾ ਕਰ ਰਿਹਾ ਹੈ।



## ਭਾਈ ਅੰਮ੍ਰਿਤਪਾਲ ਸਿੰਘ ਦੀ ਸਿਆਸਤ 'ਚ ਹੋਏਗੀ ਧਮਾਕੇਦਾਰ ਐਂਟਰੀ ! ਡਿਬਰੂਗੜ੍ਹ ਜੇਲ੍ਹ ਤੋਂ ਹੋ ਰਹੇ ਜਲਦ ਰਿਹਾਅ ?

ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਜਲਦ ਹੀ ਪੰਜਾਬ ਦੀ ਸਿਆਸਤ ਵਿੱਚ ਧਮਾਕੇਦਾਰ ਐਂਟਰੀ ਕਰ ਸਕਦੇ ਹਨ। ਇਸ ਵਾਰ ਉਹ ਧਰਮ ਪ੍ਰਚਾਰ ਦੀ ਬਜਾਏ ਬਾਕਾਇਦਾ ਸਿਆਸੀ ਪਾਰਟੀ ਬਣਾ ਕੇ ਮੈਦਾਨ ਵਿੱਚ ਉਤਰਣਗੇ। ਇਸ ਵੇਲੇ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਅੰਮ੍ਰਿਤਪਾਲ ਸਿੰਘ ਦੇ ਸਾਥੀ ਸ੍ਰੀ ਮੁਕਤਸਰ ਸਾਹਿਬ ਮਾਘੀ ਮੇਲੇ 'ਤੇ ਪਾਰਟੀ ਦਾ ਐਲਾਨ ਕਰ ਸਕਦੇ ਹਨ। ਭਾਈ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਨੇ ਇਹ ਵੀ ਦਾਅਵਾ ਕੀਤਾ ਹੈ ਕਿ ਮਾਘੀ ਮੇਲੇ ਤੋਂ ਪਹਿਲਾਂ ਭਾਈ ਅੰਮ੍ਰਿਤਪਾਲ ਸਿੰਘ ਡਿਬਰੂਗੜ੍ਹ ਜੇਲ੍ਹ ਤੋਂ ਰਿਹਾਅ ਹੋ ਜਾਣਗੇ। ਹਾਸਲ ਜਾਣਕਾਰੀ ਮੁਤਾਬਕ ਪੰਜਾਬ ਵਿੱਚ ਮਾਘੀ ਵਾਲੇ ਦਿਨ 14 ਜਨਵਰੀ ਨੂੰ ਨਵੀਂ ਪੰਥਕ ਪਾਰਟੀ ਦਾ ਐਲਾਨ ਹੋ ਸਕਦਾ ਹੈ। ਫਰੀਦਕੋਟ ਦੇ ਲੋਕ ਸਭਾ ਮੈਂਬਰ ਭਾਈ ਸਰਬਜੀਤ ਸਿੰਘ ਤੇ ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਨਵੀਂ ਪੰਥਕ ਪਾਰਟੀ ਬਣ ਰਹੀ ਹੈ। ਸੂਤਰਾਂ ਅਨੁਸਾਰ ਇਨ੍ਹਾਂ ਆਗੂਆਂ ਨੇ ਨਵੇਂ ਪਾਰਟੀ ਦੇ ਗਠਨ ਲਈ ਆਪਣੇ ਵੱਧ ਤੋਂ ਵੱਧ ਸਮਰਥਕਾਂ ਨੂੰ ਮਾਘੀ ਮੇਲੇ 'ਤੇ ਸ੍ਰੀ ਮੁਕਤਸਰ ਸਾਹਿਬ ਪਹੁੰਚਣ ਦੀ ਅਪੀਲ ਕੀਤੀ ਹੈ। ਦੋਵੇਂ ਲੰਘੀਆਂ ਲੋਕ ਸਭਾ ਚੋਣਾਂ ਵਿੱਚ ਆਜ਼ਾਦ ਉਮੀਦਵਾਰ ਵਜੋਂ ਵੱਡੇ ਫਰਕ ਨਾਲ ਚੋਣ ਜਿੱਤੇ ਸਨ। ਦਰਅਸਲ ਕਈ ਦਹਾਕਿਆਂ ਤੋਂ ਸਿੱਖ ਸਿਆਸਤ ਉਪਰ ਕਾਬਜ਼ ਸ਼੍ਰੋਮਣੀ ਅਕਾਲੀ ਦਲ ਬਾਦਲ ਪਿਛਲੀਆਂ ਤਿੰਨ ਚੋਣਾਂ ਲਗਾਤਾਰ ਬੁਰੀ ਤਰ੍ਹਾਂ ਹਾਰਿਆ ਹੈ। ਇਸ ਤੋਂ ਇਲਾਵਾ ਲੀਡਰਸ਼ਿਪ ਬਦਲਣ ਨੂੰ ਲੈ ਕੇ ਪਾਰਟੀ ਅੰਦਰ ਕਲੇਸ਼ ਚੱਲ ਰਿਹਾ ਹੈ। ਇਸ ਲਈ ਨਵੀਂ ਪੰਥਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਹਾਰ ਕਾਰਨ ਪੈਦਾ ਹੋਏ ਖਲਾਅ ਵਿੱਚ ਆਪਣਾ ਭਵਿੱਖ ਭਾਲ ਰਹੀ ਹੈ। ਭਾਈ ਸਰਬਜੀਤ ਸਿੰਘ ਪਹਿਲਾਂ ਹੀ ਕਹਿ ਚੁੱਕੇ ਹਨ ਕਿ ਉਹ ਸਿੱਖਾਂ ਤੇ ਪੰਜਾਬੀਆਂ ਦੇ ਮੁੱਦੇ ਚੁੱਕਣ ਲਈ ਪੰਜਾਬ ਵਿੱਚ ਨਵੀਂ ਪੰਥਕ ਪਾਰਟੀ ਬਣਾਉਣ ਲਈ ਜੱਦੋ-ਜਹਿਦ ਕਰ ਰਹੇ ਹਨ। ਇਸ ਧੜੇ ਨਾਲ ਸਬੰਧਤ ਸੂਤਰਾਂ ਦਾ ਕਹਿਣਾ ਹੈ ਕਿ ਦੋਵੇਂ ਲੋਕ ਸਭਾ ਮੈਂਬਰਾਂ ਨੇ ਆਪਣੇ ਸਮਰਥਕਾਂ ਤੇ ਪੰਥਕ ਵਿਚਾਰਧਾਰਾ ਵਾਲੇ ਵਿਅਕਤੀਆਂ ਨੂੰ 14 ਜਨਵਰੀ ਨੂੰ ਸ੍ਰੀ ਮੁਕਤਸਰ ਸਾਹਿਬ ਦੇ ਮਾਘੀ ਮੇਲੇ 'ਤੇ ਸੱਦਿਆ ਹੈ ਤਾਂ ਜੋ ਨਵੀਂ ਪੰਥਕ ਪਾਰਟੀ ਸਥਾਪਤ ਕੀਤੀ ਜਾ ਸਕੇ। ਇਸ ਦੇ ਨਾਲ ਹੀ ਪੰਥਕ ਏਕਤਾ ਦੀ ਗੱਲ ਵੀ ਜ਼ੋਰ ਬਣਦੀ ਜਾ ਰਹੀ ਹੈ। ਇਸ ਲਈ ਹੋਰ ਗਰਮ ਖਿਆਲੀ ਧੜੇ ਵੀ ਨਵੀਂ ਪਾਪਟੀ ਨਾਲ ਜੁੜ ਸਕਦੇ ਹਨ। ਜੇਕਰ ਅਜਿਹਾ ਹੁੰਦਾ ਹੈ ਤਾਂ ਅਗਲੇ ਸਮੇਂ ਦੌਰਾਨ ਪੰਜਾਬ ਦੀ ਸਿਆਸਤ ਨਵਾਂ ਮੋੜ ਲੈ ਸਕਦੀ ਹੈ।

## ਕੰਗਣਾ ਵਲੋਂ ਲਗਾਤਾਰ ਆਗਰਾ ਅਦਾਲਤ ਦੇ ਅੰਦਰ ਪੇਸ਼ ਨਾ ਹੋਣ 'ਤੇ ਅਦਾਲਤੀ ਆਦੇਸ਼ ਦੀ ਉਲੰਘਣਾ, 9 ਜਨਵਰੀ ਨੂੰ ਹੋ ਸਕਦਾ ਸਖ਼ਤ ਫ਼ੈਸਲਾ



**ਨਵੀਂ ਦਿੱਲੀ 2 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- 3 ਮਹੀਨੇ ਪਹਿਲਾਂ ਚੰਡੀਗੜ੍ਹ ਏਅਰਪੋਰਟ 'ਤੇ ਸੀਆਈਐਸਐਫ ਦੇ ਮਹਿਲਾ ਕਾਂਸਟੇਬਲ ਕੁਲਵਿੰਦਰ ਕੌਰ ਵਲੋਂ ਕਿਸਾਨਾਂ ਵਿਰੁੱਧ ਬੋਲਣ ਤੇ ਥੱਪੜ ਖਾਣ ਵਾਲੀ ਹਿਮਾਚਲ ਪ੍ਰਦੇਸ਼ ਦੇ ਮੰਡੀ ਤੋਂ ਭਾਜਪਾ ਸੰਸਦ ਮੈਂਬਰ ਅਤੇ ਅਦਾਕਾਰਾ ਕੰਗਨਾ ਰਣੌਤ ਨੂੰ 9 ਜਨਵਰੀ ਨੂੰ ਆਗਰਾ ਦੀ ਸੰਸਦ ਮੈਂਬਰ-ਵਿਧਾਇਕ ਵਿਸ਼ੇਸ਼ ਅਦਾਲਤ ਵਿੱਚ ਪੇਸ਼ ਹੋਣ ਦਾ ਹੁਕਮ ਦਿੱਤਾ ਗਿਆ ਹੈ। ਕੰਗਣਾ ਵਲੋਂ ਲਗਾਤਾਰ ਅਦਾਲਤ ਦੇ ਆਦੇਸ਼ ਦੀ ਉਲੰਘਣਾ ਕਰਣ 'ਤੇ ਅਦਾਲਤ ਇਸ ਮਾਮਲੇ 'ਚ ਕੰਗਨਾ ਰਣੌਤ ਦੇ ਖਿਲਾਫ 9 ਜਨਵਰੀ ਨੂੰ ਸਖ਼ਤ ਫੈਸਲਾ ਦੇ ਸਕਦੀ ਹੈ। ਅਦਾਲਤ ਨੇ ਇਹ ਫੈਸਲਾ ਉਦੋਂ ਦਿੱਤਾ ਜਦੋਂ ਕੰਗਨਾ ਅਤੇ ਉਸ ਦਾ ਵਕੀਲ ਤਿੰਨ ਵਾਰ ਨੋਟਿਸ ਦਿੱਤੇ ਜਾਣ ਦੇ ਬਾਵਜੂਦ ਪੇਸ਼ ਨਹੀਂ ਹੋਏ ਹਨ। ਮੁਦਈ ਰਮਾਸ਼ੰਕਰ ਸ਼ਰਮਾ ਨੇ ਅਦਾਲਤ 'ਚ ਦੋਸ਼ ਲਾਇਆ ਕਿ ਕੰਗਨਾ ਦੇ ਬਿਆਨ ਕਿਸਾਨਾਂ ਅਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦਾ ਅਪਮਾਨ ਕਰਨ ਵਾਲੇ ਹਨ, ਜਿਸ ਨਾਲ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ। ਕੰਗਨਾ ਰਣੌਤ ਨੇ 24 ਅਗਸਤ 2024 ਨੂੰ ਇੱਕ ਇੰਟਰਵਿਊ ਵਿੱਚ ਕਿਸਾਨ ਅੰਦੋਲਨ ਨੂੰ ਲੈ ਕੇ ਵਿਵਾਦਿਤ ਬਿਆਨ ਦਿੱਤਾ ਸੀ ਕਿ ਕਿਸਾਨ ਅੰਦੋਲਨ ਦੌਰਾਨ ਬਲਾਤਕਾਰ ਅਤੇ ਕਤਲ ਹੋਏ ਸਨ। ਜੇਕਰ ਬਿੱਲ ਵਾਪਿਸ ਨਾ ਲਿਆ ਗਿਆ ਤਾਂ ਅੰਦੋਲਨ ਲੰਮਾ ਸਮਾਂ ਚੱਲੇਗਾ। ਇਸ ਬਿਆਨ ਤੋਂ ਬਾਅਦ ਰਾਜੀਵ ਗਾਂਧੀ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਰਮਾਸ਼ੰਕਰ ਸ਼ਰਮਾ ਨੇ 11 ਸਤੰਬਰ ਨੂੰ ਸੰਸਦ ਮੈਂਬਰ-ਵਿਧਾਇਕ ਅਦਾਲਤ ਵਿੱਚ ਪਟੀਸ਼ਨ ਦਾਇਰ ਕੀਤੀ ਸੀ। ਉਸਨੇ ਕੰਗਨਾ ਰਣੌਤ 'ਤੇ ਕਿਸਾਨਾਂ ਨੂੰ ਕਾਤਲ, ਬਲਾਤਕਾਰੀ ਅਤੇ ਅੱਤਵਾਦੀ ਕਹਿਣ ਦਾ ਦੋਸ਼ ਲਗਾਇਆ ਅਤੇ ਮੰਗ ਕੀਤੀ ਕਿ ਉਸ ਦੇ ਖਿਲਾਫ ਦੇਸ਼ਧ੍ਰੋਹ ਦਾ ਮਾਮਲਾ ਦਰਜ ਕੀਤਾ ਜਾਵੇ। ਕੰਗਣਾ ਨੇ ਕਿਸਾਨ ਅੰਦੋਲਨਕਾਰੀਆਂ ਦੀ ਤੁਲਨਾ ਖਾਲਿਸਤਾਨੀਆਂ ਨਾਲ ਕੀਤੀ ਸੀ। ਉਸ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਸੀ ਕਿ ਖਾਲਿਸਤਾਨੀ ਸਰਕਾਰ 'ਤੇ ਦਬਾਅ ਬਣਾ ਰਹੇ ਹਨ, ਪਰ ਸਾਨੂੰ ਇੰਦਰਾ ਗਾਂਧੀ ਨੂੰ ਯਾਦ ਰੱਖਣਾ ਚਾਹੀਦਾ ਹੈ, ਜਿਸ ਨੇ ਉਨ੍ਹਾਂ ਨੂੰ ਕੁਚਲ ਦਿੱਤਾ ਸੀ। ਤੁਹਾਨੂੰ ਦੱਸ ਦੇਈਏ ਕਿ ਕੰਗਨਾ ਰਣੌਤ ਦੀ ਫਿਲਮ ਐਮਰਜੈਂਸੀ 17 ਜਨਵਰੀ ਨੂੰ ਰਿਲੀਜ਼ ਹੋ ਰਹੀ ਹੈ।

## ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਬਾਗੀ ਧੜੇ ਨੇ ਕੀਤੀ ਮੁਲਾਕਾਤ, ਰੱਖੀਆਂ ਇਹ 3 ਅਹਿਮ ਮੰਗਾਂ

**ਅੰਮ੍ਰਿਤਸਰ, 2 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬਾਗੀ ਧੜ੍ਹੇ ਦੇ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚੇ ਕੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਵੱਲੋਂ ਜਥੇਦਾਰ ਨੂੰ ਲਿਖਤੀ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ 'ਚ ਬਾਗੀ ਧੜੇ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਤਿੰਨ ਮੰਗਾਂ ਰੱਖੀਆਂ ਹਨ। ਪਹਿਲੀ ਮੰਗ 'ਚ ਉਨ੍ਹਾਂ ਨੇ ਗਿਆਨੀ ਹਰਪ੍ਰੀਤ ਸਿੰਘ 'ਤੇ ਜਾਂਚ ਲਈ ਬਣਾਈ ਕਮੇਟੀ ਦੀ ਗੱਲ ਰੱਖੀ । ਉਨ੍ਹਾਂ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਦੀ ਜਾਂਚ ਕਮੇਟੀ ਖਾਰਜ ਕੀਤੀ ਜਾਵੇ, ਇਹ ਕਮੇਟੀ ਗਲਤ ਬਣਾਈ ਗਈ ਹੈ। ਸ਼੍ਰੋਮਣੀ ਕਮੇਟੀ ਨੂੰ ਕਿਸੇ ਜਥੇਦਾਰ ਖ਼ਿਲਾਫ਼ ਜਾਂਚ ਦਾ ਨਹੀਂ ਅਧਿਕਾਰ ਨਹੀਂ ਹੈ। ਸਿੰਘ ਸਾਹਿਬਾਨ ਦੀ ਪੜਤਾਲ ਦਾ ਕੰਮ ਕਿਸੇ ਦਾ ਨਹੀਂ ਬਣਦਾ ਹੈ, ਉਨ੍ਹਾਂ ਦੀ ਪੜਤਾਲ ਕਰਨੀ ਹੈ ਤਾਂ ਜਥੇਦਾਰ ਅਕਾਲ ਤਖ਼ਤ ਸਾਹਿਬ ਆਪ ਕਰਨ। ਉਨ੍ਹਾਂ ਦੂਜੀ ਮੰਗ ਰੱਖਦਿਆਂ ਕਿਹਾ ਕਿ 2 ਦਸੰਬਰ ਦੇ ਫੈਸਲਾ 'ਚ ਕਿਹਾ ਗਿਆ ਸੀ ਕਿ 3 ਦਿਨ ਅੰਦਰ ਸੁਖਬੀਰ ਬਾਦਲ ਸਣੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਵੱਲੋਂ ਦਿੱਤੇ ਅਸਤੀਫੇ ਪ੍ਰਵਾਨ ਹੋਣ, ਪਰ ਹੁਣ ਤੱਕ ਕੋਈ ਫੈਸਲਾ ਨਹੀਂ ਲਿਆ ਗਿਆ। ਬਾਗੀ ਧੜੇ ਨੇ ਅਗਲੀ ਮੰਗ 'ਚ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਗਠਨ ਦੇ ਹੁਕਮਾਂ 'ਤੇ ਅਜੇ ਤੱਕ ਕੋਈ ਕੰਮ ਨਹੀਂ ਹੋ ਸਕਿਆ।

## ਮੁੱਖ ਮੰਤਰੀ ਮਾਨ ਨੇ ਡੱਲੇਵਾਲ ਨਾਲ ਕੀਤੀ ਗੱਲਬਾਤ ,ਕਿਹਾ-ਲੰਬਾ ਚੱਲੇਗਾ ਸੰਘਰਸ਼, ਤੁਹਾਡੀ ਸਿਹਤ ਜ਼ਰੂਰੀ, ਮੁੜ ਲਿਆਂਦੇ ਜਾ ਰਹੇ ਨੇ ਕਾਨੂੰਨ

**ਚੰਡੀਗੜ੍ਹ, 2 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਦੇ ਮੁੱਦੇ ਉੱਤੇ ਮੀਡੀਆ ਨਾਲ ਗੱਲਬਾਤ ਕੀਤੀ। ਇਸ ਮੌਕੇ ਮਾਨ ਨੇ ਕਿਹਾ ਕਿ ਕਿਸਾਨਾਂ ਦੇ ਅੰਦੋਲਨ ਵਿਚਾਲੇ ਕੇਂਦਰ ਮੁੜ ਪੁਰਾਣੇ ਕਾਨੂੰਨ ਲਿਆਉਣ ਜਾ ਰਹੀ ਹੈ। ਇਸ ਮੌਕੇ ਮਾਨ ਨੇ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਬਾਰੇ ਕਿਹਾ ਕਿ ਉਨ੍ਹਾਂ ਦੀ ਡਾਕਟਰਾਂ ਦੀ ਟੀਮ ਮੌਕੇ ਉੱਤੇ ਮੌਜੂਦ ਹੈ। ਮੁੱਖ ਮੰਤਰੀ ਨੇ ਮੀਡੀਆ ਦੇ ਮੁਖਾਬਤ ਹੁੰਦਿਆਂ ਕਿਹਾ ਕਿ, ਕੇਂਦਰ ਵੱਲੋਂ ਕਿਸਾਨਾਂ ਨਾਲ ਰਾਬਤ ਕਰਨ ਲਈ ਕੋਈ ਪਹਿਲ ਨਹੀਂ ਕੀਤੀ ਗਈ ਹੈ। ਮਾਨ ਨੇ ਕਿਹਾ ਕਿ ਕੇਂਦਰ ਹੋਰ ਤਰੀਕੇ ਨਾਲ ਮੁੜ ਉਹੀ ਕਾਨੂੰਨ ਵਾਪਸ ਲਿਆ ਰਹੀ ਹੈ। ਕਿਸਾਨਾਂ ਦਾ ਅੰਦੋਲਨ ਚੱਲ ਰਿਹਾ ਹੈ, ਕੇਂਦਰ ਗੱਲਬਾਤ ਵਾਸਤੇ ਕਿਸਾਨਾਂ ਨੂੰ ਸੱਦਾ ਕਿਉਂ ਨਹੀਂ ਦੇ ਰਹੀ ਹੈ। ਮਾਨ ਨੇ ਕਿਹਾ ਕਿ ਡੱਲੇਵਾਲ ਦੇ ਮਰਨ ਵਰਤ ਲਗਾਤਾਰ ਜਾਰੀ ਹੈ ਪਰ ਕਿਸੇ ਨੂੰ ਪਰਵਾਹ ਹੀ ਨਹੀਂ ਹੈ, ਅਸੀਂ ਬਹੁਤ ਵਾਰ ਕੋਸ਼ਿਸ਼ ਕਰ ਚੁੱਕੇ ਹਾਂ ਕਿ ਗੱਲਬਾਤ ਕੀਤੀ ਜਾਵੇ, ਇਹ ਸਾਰੀਆਂ ਮੰਗਾਂ ਕੇਂਦਰ ਸਰਕਾਰ ਨਾਲ ਸਬੰਧਤ ਹਨ ਪਰ ਗੱਲਬਾਤ ਵਾਸਤੇ ਸੱਦਾ ਕਿਉਂ ਨਹੀਂ ਦਿੱਤਾ ਜਾ ਰਿਹਾ ਹੈ। ਮਾਨ ਨੇ ਸੁਪਰੀਮ ਕੋਰਟ ਦਾ ਜ਼ਿਕਰ ਕਰਦਿਆਂ ਕਿਹਾ ਕਿ ਕੋਰਟ ਨੇ ਕਿਹਾ ਹੈ ਕਿ ਡੱਲੇਵਾਲ ਦੀ ਸਿਹਤ ਦਾ ਖਿਆਲ ਰੱਖਣਾ ਪੰਜਾਬ ਸਰਕਾਰ ਦੀ ਜ਼ਿੰਮੇਵਾਰੀ ਹੈ ਤੇ ਅਸੀਂ ਉਹ ਨਿਭਾਅ ਰਹੇ ਹਾਂ, ਡੱਲੇਵਾਲ ਦੀ ਸਿਹਤ ਲਈ 50 ਡਾਕਟਰਾਂ ਦੀ ਟੀਮ ਤੈਨਾਤ ਹੈ, ਮਾਨ ਨੇ ਕਿਹਾ ਕਿ ਮੈਂ ਡੱਲੇਵਾਲ ਨਾਲ ਖ਼ੁਦ ਗੱਲ ਕੀਤੀ ਹੈ ਕਿ ਤੁਹਾਡੀ ਸਿਹਤ ਸਾਡੇ ਲਈ ਬਹੁਤ ਜ਼ਰੂਰੀ ਹੈ ਤੇ ਇਹ ਸੰਘਰਸ਼ ਲੰਬਾ ਚੱਲੇਗਾ,ਜਿਹੜੀਆਂ ਲੜਾਈਆਂ ਲੰਬੀਆਂ ਚਲਦੀਆਂ ਨੇ ਉਨ੍ਹਾਂ ਵਿੱਚ ਤੁਹਾਡੇ ਵਰਗੇ ਲੀਡਰ ਦੀ ਹਾਜ਼ਰੀ ਜ਼ਰੂਰੀ ਹੈ। ਕੇਂਦਰ ਸਰਕਾਰ ਚਾਹੁੰਦੀ ਹੈ ਕਿ ਡੱਲੇਵਾਲ ਨੂੰ ਜਬਰੀ ਚੁੱਕਿਆ ਜਾਵੇ ਪਰ ਉਹ ਤਾਂ ਸ਼ਾਂਤ ਬੈਠੇ ਹਨ, ਇਹ ਮਾਮਲਾ ਕੇਂਦਰ ਦੀ ਗੱਲਬਾਤ ਨਾਲ ਹੀ ਹੱਲ ਹੋਵੇਗਾ। ਇਹ ਉਹੀ ਪੁਰਾਣੀਆਂ ਮੰਗਾਂ ਹਨ ਜੋ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗੀਆਂ ਸਨ, ਪਰ ਇਹ ਪੁਰਾਣੇ ਕਾਨੂੰਨ ਹੋਰ ਤਰੀਕੇ ਨਾਲ ਲਿਆ ਰਹੇ ਹਨ।

## ਪੰਜਾਬ 'ਚ ਸਰਕਾਰੀ ਬੱਸਾਂ ਦਾ ਚੱਕਾ ਜਾਮ, 3 ਦਿਨ ਸੂਬੇ ਭਰ 'ਚ ਨਹੀਂ ਚੱਲਣਗੀਆਂ ਬੱਸਾਂ

**ਨਵੀਂ ਦਿੱਲੀ 2 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਜਨਵਰੀ ਮਹੀਨੇ ਲੋਕਾਂ ਨੂੰ ਬੱਸਾਂ ਦੇ ਵਿੱਚ ਸਫਰ ਕਰਨ ਸਮੇਂ ਦਿੱਕਤਾਂ ਦਾ ਸਾਹਮਣਾ ਕਰਨਾ ਪਏਗਾ। ਜੀ ਹਾਂ ਪੰਜਾਬ 'ਚ ਸਰਕਾਰੀ ਬੱਸਾਂ ਦਾ ਚੱਕਾ ਜਾਮ ਰਹੇਗਾ। ਜੇਕਰ ਤੁਸੀਂ ਰੋਜ਼ਾਨਾ ਹੀ ਕੰਮਕਾਜ 'ਤੇ ਜਾਣ ਲਈ ਸਰਕਾਰੀ ਬੱਸ ਦੀ ਵਰਤੋਂ ਕਰਦੇ ਹੋ ਤਾਂ ਤੁਹਾਡੇ ਲਈ ਇਹ ਖਬਰ ਪੜ੍ਹਣੀ ਜ਼ਰੂਰੀ ਹੈ। ਦੱਸ ਦਈਏ 6, 7 ਅਤੇ ਜਨਵਰੀ ਨੂੰ ਸਰਕਾਰੀ ਬੱਸਾਂ ਵਿਚ ਸਫ਼ਰ ਕਰਨ ਲਈ ਪ੍ਰੇਸ਼ਾਨੀ ਝੱਲਣੀ ਪੈ ਸਕਦੀ ਹੈ। ਕਿਉਂਕਿ ਇਨ੍ਹਾਂ ਤਰੀਕਾਂ ਨੂੰ ਬੱਸ ਨਹੀਂ ਚੱਲਣਗੀਆਂ। ਦਰਅਸਲ ਸੂਬੇ ਵਿਚ 3 ਦਿਨਾਂ ਲਈ ਸਰਕਾਰੀ ਬੱਸਾਂ ਦਾ ਚੱਕਾ ਜਾਮ ਰਹਿਣ ਵਾਲਾ ਹੈ ਅਤੇ 6, 7 ਅਤੇ 8 ਜਨਵਰੀ ਨੂੰ ਸੂਬੇ ਵਿਚ PRTC ਅਤੇ ਪਨਬਸ ਬੱਸਾਂ ਨਹੀਂ ਚੱਲਣਗੀਆਂ। ਆਪਣੀ ਮੰਗਾਂ ਨੂੰ ਲੈ ਕੇ ਪੀ. ਆਰ. ਟੀ. ਸੀ. ਅਤੇ ਪਨਬਸ ਮੁਲਾਜ਼ਮ ਯੂਨੀਅਨ ਨੇ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਸਾਹਮਣੇ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ। ਇਸ ਕਰਕੇ 6 ਜਨਵਰੀ ਤੋਂ ਲੈ ਕੇ 8 ਜਨਵਰੀ ਤੱਕ ਸਰਕਾਰੀ ਬੱਸਾਂ ਵਿਚ ਸਫ਼ਰ ਕਰਨ ਵਾਲਿਆਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਜ਼ਿਕਰਯੋਗ ਹੈ ਕਿ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੀ ਪਨਬਸ-ਪੀ. ਆਰ. ਟੀ. ਸੀ. ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਬੀਤੇ ਮਹੀਨੇ ਪੰਜਾਬ ਭਰ ਵਿਚ ਮੰਤਰੀਆਂ ਨੂੰ ਮੰਗ-ਪੱਤਰ ਸੌਂਪ ਕੇ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਮੰਗ ਪ੍ਰਮੁੱਖਤਾ ਨਾਲ ਉਠਾਈ ਗਈ ਸੀ। ਇਸੇ ਲੜੀ ਤਹਿਤ ਬੀਤੇ ਮਹੀਨੇ ਜਲੰਧਰ ਡਿਪੂ 1 ਅਤੇ 2 ਦੇ ਮੁਲਾਜ਼ਮਾਂ ਨੇ ਕੈਬਨਿਟ ਮੰਤਰੀ ਮਹਿੰਦਰਾ ਭਗਤ ਅਤੇ ਦੋਆਬੇ ਦੇ ਵੱਖ-ਵੱਖ ਵਿਧਾਇਕਾਂ ਨਾਲ ਉਨ੍ਹਾਂ ਦੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਕੈਬਨਿਟ ਮੰਤਰੀ ਦੀ ਰਿਹਾਇਸ਼ 'ਤੇ ਪੁੱਜੇ। ਵਫ਼ਦ ਦੀ ਅਗਵਾਈ ਪ੍ਰਧਾਨ ਬਿਕਰਮਜੀਤ ਸਿੰਘ, ਸਤਪਾਲ ਸਿੰਘ ਸੱਤਾ, ਜਸਬੀਰ ਸਿੰਘ, ਅਨੂਪ ਸਿੰਘ, ਸੁਖਵਿੰਦਰ ਸਿੰਘ, ਸਤਨਾਮ ਸਿੰਘ ਅਤੇ ਸੀਨੀਅਰ ਆਗੂ ਚਾਨਣ ਸਿੰਘ ਚੰਨਾ ਨੇ ਕੀਤੀ ਸੀ। ਯੂਨੀਅਨ ਦੇ ਅਧਿਕਾਰੀਆਂ ਨੇ ਮਹਿੰਦਰਾ ਭਗਤ ਨੂੰ ਮੰਗ-ਪੱਤਰ ਸੌਂਪਿਆ ਅਤੇ ਯੂਨੀਅਨ ਦੀਆਂ ਮੰਗਾਂ ਬਾਰੇ ਜਾਣੂ ਕਰਵਾਇਆ ਸੀ। ਮੰਤਰੀਆਂ ਅਤੇ ਵਿਧਾਇਕਾਂ ਨੂੰ ਮੰਗ ਪੱਤਰ ਸੌਂਪਣ ਤੋਂ ਬਾਅਦ ਯੂਨੀਅਨ ਵੱਲੋਂ ਸਥਾਨਕ ਬੱਸ ਸਟੈਂਡ ਵਿਖੇ ਸੰਬੋਧਨ ਵੀ ਕੀਤਾ ਸੀ।



## ਵਾਹਿਗੁਰੂ ਜੀ ਕਾ ਖਾਲਸਾ ।। ਵਹਿਗੁਰੂ ਜੀ ਕੀ ਫ਼ਤਹਿ ।।




ਬੇਨਤੀ ਹੈ ਕਿ ਫ਼ਖ਼ਰ-ਏ-ਕੌਮ ਸ਼ਹੀਦ ਭਾਈ ਸਤਵੰਤ ਸਿੰਘ ਜੀ ਅਗਵਾਨ, ਭਾਈ ਬੇਅੰਤ ਸਿੰਘ ਜੀ ਅਤੇ ਭਾਈ ਕੇਹਰ ਸਿੰਘ ਜੀ ਦੇ ਯਾਦਗਾਰੀ ਅਸਥਾਨ ਗੁਰਦੁਆਰਾ ਯਾਦਗਾਰ-ਏ-ਸ਼ਹੀਦਾਂ, ਪਿੰਡ - ਅਗਵਾਨ ਵਿਖੇ 06 ਜਨਵਰੀ 2025, ਦਿਨ ਸੋਮਵਾਰ ਨੂੰ ਸਲਾਨਾ ਸ਼ਹੀਦੀ ਸਮਾਗਮ ਕਰਵਾਏ ਜਾ ਰਹੇ ਹਨ। ਆਪ ਜੀ ਨੇ ਇਹਨਾਂ ਸਮਾਗਮਾਂ ਅੰਦਰ ਹਾਜ਼ਰੀ ਭਰਨ ਦੀ ਜ਼ਰੂਰ ਕ੍ਰਿਪਾਲਤਾ ਕਰਨੀ ਜੀ।


***--- ਬੇਨਤੀ ਕਰਤਾ ---***

## ਮਾਤਾ ਪਿਆਰ ਕੌਰ ਜੀ

## ਭਾਈ ਸੁਖਵਿੰਦਰ ਸਿੰਘ ਅਗਵਾਨ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**


ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥



# ਮਹਾਨ ਸ਼ਹੀਦੀ ਸਮਾਗਮ

## 19 ਜਨਵਰੀ, 2025 (ਦਿਨ ਐਤਵਾਰ)

ਗੁਰੂ ਪਿਆਰੀ ਸਾਧ ਸੰਗਤ ਜੀ ਮੁਕਤਸਰ ਦੇ 40 ਮੁਕਤੇ ਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰਾਂ ਸ਼ਹੀਦੀ ਸਮਾਗਮ ਹੋ ਰਿਹਾ ਹੈ । ਸਾਰੀਆਂ ਸੰਗਤਾਂ ਨੂੰ ਪਰਿਵਾਰ ਸਮੇਤ ਪਹੁੰਚਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਸਭ ਨੇ ਪਰਿਵਾਰ ਸਮੇਤ ਪਹਉਚਣ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

--★ ਪ੍ਰੋਗਰਾਮ ★--

19 ਜਨਵਰੀ 2025 ਦਿਨ ਐਤਵਾਰ ਭੋਗ ਸ਼੍ਰੀ ਸਹਿਜ ਪਾਠ ਦਾ ਸਵੇਰੇ 10 ਵਜੇ

ਸ਼ਬਦ ਕੀਰਤਨ ,ਕਥਾ ਅਤੇ ਢਾਡੀ ਜਥਾ ਪ੍ਰਸੰਗ ਸੁਣਾਵੇਗਾ

ਆਪ ਜੀ ਦਾ ਸਵਾਗਤ ਕਰਤਾ **ਸਰਦਾਰ ਬਲਜੀਤ ਸਿੰਘ ਕੰਗ ਅਤੇ ਪਰਿਵਾਰ**

★ ਵਧੇਰੇ ਜਾਣਕਾਰੀ 07780605230 ★

**Address: GURDWARA BABA SANG JI**

**9 St Paul's Rd, Smethwick Birmingham B66 1EE**

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼


**RAGHBIR SINGH (Call : +44 7976 210161)**

**121. Broadway west Walsall, West Midlands, WS1 4DW, England uk**


## ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB



ਸ੍ਰੀ ਪਟਨਾ ਸਾਹਿਬ
SRI PATNA SAHIB



ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB



ਸ੍ਰੀ ਦਮਦਮਾ ਸਾਹਿਬ
SRI DAMDAMA SAHIB



ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 10 ਫਰਵਰੀ 2025 ਤੋਂ 20 ਫਰਵਰੀ 2025 ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 10 ਫਰਵਰੀ, 2025 ਨੂੰ ਸ਼ੁਰੂ ਹੋਵੇਗੀ ਤੇ ਇੱਥੇ 20 ਫਰਵਰੀ, 2025 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ਼੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ਼੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਬਰੇਕਫਾਸਟ ਅਤੇ ਡਿਨਰ ਸ਼ਾਮਲ
- ਲਗਜਰੀ ਏ. ਸੀ. ਟਰਾਂਸਪੋਰਟੇਸ਼ਨ।
- ਚੰਡੀਗੜ੍ਹ ਤੋਂ ਹੈਦਰਾਬਾਦ ਅਤੇ ਵਾਪਸੀ 'ਤੇ ਹੈਦਰਾਬਾਦ ਤੋਂ ਚੰਡੀਗੜ੍ਹ ਦਾ ਸਫਰ ਹਵਾਈ ਜਹਾਜ਼ ਰਾਹੀਂ।
- ਹਰ ਧਾਰਮਿਕ ਅਤੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣ ਲਈ ਗਾਈਡ ਨਾਲ ਹੋਣਗੇ।

**ਇੰਡੀਆਂ ਵਿਚ ਜੁਆਇਨ ਕਰਨ ਵਾਲਿਆਂ ਲਈ ਕੇਵਲ 1190 ਬ੍ਰਿਟਿਸ਼ ਪਾਊਂਡ ਪਰ ਯਾਤਰੀ ਹੋਵੇਗਾ।**

**ਯੂ ਕੇ ਤੋਂ ਅੰਤਰਰਾਸ਼ਟਰੀ ਹਵਾਈ ਸਫ਼ਰ ਸਮੇਤ 1890 ਬ੍ਰਿਟਿਸ਼ ਪਾਊਂਡ ਪਰ ਯਾਤਰੀ ਹੋਵੇਗਾ।**

ਬੁੱਕ ਕਰਨ ਦੇ ਲਈ 600 ਪਾਊਂਡ ਐਡਵਾਂਸ ਦੇ ਤੌਰ ਤੇ ਜਮਾ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

**ਅਕਾਊਂਟ ਨੰਬਰ ਤੇ ਡਿਟੇਲ**

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :

**+44 7458 381111 +44 7976 210161**

**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।**


## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

**10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :**

### 10 ਫਰਵਰੀ (ਦਿਨ 1)




ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 11 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 12 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 13 ਫਰਵਰੀ (ਦਿਨ 4)




ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 14 ਫਰਵਰੀ (ਦਿਨ 5)




ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 15 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 16 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 17 ਫਰਵਰੀ (ਦਿਨ 8)




ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੋਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 18 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 19 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 20 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

ਆਵਾਜ਼ਿ ਕੌਮ
AWAZE QAUM

# AWAZE QAUM
# TOURS & TRAVELS

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

## Trip Package Includes

**Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border**

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

Account Name: RAGHBIR SINGH
Bank Name : HALIFAX
Sort Code : 11-08-07
Account No. : 00516474

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.


*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**

ਆਵਾਜ਼ਿ ਕੌਮ AWAZE QAUM


## JOURNEY OF A LIFE TIME
# PANJ TAKHT YATRA
## 5 TAKHAT YATRA - 10 NIGHTS / 11 DAYS

### 10th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th




After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th




After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**




**ਗੁਰੂ ਕਾਸ਼ੀ ਯੂਨੀਵਰਸਿਟੀ ਵਲੋਂ "ਵਾਤਾਵਰਣ ਸਿੱਖਿਆ ਪ੍ਰੋਗਰਾਮ" ਦਾ ਸ਼ਾਨਦਾਰ ਆਗਾਜ਼**

# ਮੁੱਖ ਮਹਿਮਾਨ ਅਤੇ ਪਤਵੰਤਿਆਂ ਵੱਲੋਂ ਲਗਾਏ ਗਏ ਪੌਦੇ



**ਤਲਵੰਡੀ ਸਾਬੋ, 2 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਵਾਤਾਵਰਣ ਦੀ ਸਾਂਭ ਸੰਭਾਲ ਅਤੇ ਜਾਗਰੂਕਤਾ ਲਈ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਅਤੇ ਵਾਤਾਵਰਣ ਬਦਲਾਓ ਮੰਤਰਾਲਾ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟਰ ਯੁਵਾ ਮਾਮਲੇ ਅਤੇ ਸੱਭਿਆਚਾਰ ਵੱਲੋਂ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਦੇ ਸਹਿਯੋਗ ਨਾਲ "ਵਾਤਾਵਰਣ ਸਿੱਖਿਆ ਪ੍ਰੋਗਰਾਮ" ਦਾ ਆਗਾਜ਼ ਮੁੱਖ ਮਹਿਮਾਨ ਪ੍ਰੋ. (ਡਾ.) ਇੰਦਰਜੀਤ ਸਿੰਘ ਉਪ ਕੁਲਪਤੀ ਵੱਲੋਂ ਵਰਸਿਟੀ ਦੇ ਖੁੱਲ੍ਹੇ ਹਰੇ ਭਰੇ ਮੈਦਾਨ ਵਿੱਚ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸਾਂਭ ਸੰਭਾਲ ਲਈ ਪ੍ਰੇਰਿਤ ਕਰਦੇ ਹੋਏ ਦੱਸਿਆ ਕਿ ਵਾਤਾਵਰਣ ਨੂੰ ਪਲੀਤ ਕਰਨ ਵਿੱਚ ਆਮ ਨਾਗਰਿਕਾਂ ਵੱਲੋਂ ਸਾੜੀਆਂ ਜਾਂਦੀਆਂ ਪਲਾਸਟਿਕ ਦੀਆਂ ਵਸਤਾਂ ਦਾ ਬਹੁਤ ਵੱਡਾ ਯੋਗਦਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਪੈਦਾ ਹੋਣ ਵਾਲੀਆਂ ਖਤਰਨਾਕ ਗੈਸਾਂ ਜਿਵੇ ਕਾਰਬਨ ਡਾਈਆਕਸਾਈਡ ਅਤੇ ਕਾਰਬਨ ਮੋਨੋਆਕਸਾਈਡ ਨਾਲ ਵਾਤਾਵਰਣ ਬੁਰੀ ਤਰ੍ਹਾਂ ਨਾਲ ਪ੍ਰਦੂਸ਼ਿਤ ਹੁੰਦਾ ਹੈ। ਇਸ ਲਈ ਸਾਨੂੰ ਸਿੰਗਲ ਯੂਜ਼ ਪਲਾਸਟਿਕ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਸਮੁੰਦਰ ਦੇ ਕਿਨਾਰੇ ਸੈਲਾਨੀਆਂ ਵੱਲੋਂ ਸੁੱਟੀ ਜਾਂਦੀ ਗੰਦਗੀ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਸ ਨਾਲ ਸਮੁੰਦਰ ਦੀਆਂ ਕਈ ਪ੍ਰਜਾਤੀਆਂ ਕੋਰਲ ਵਗੈਰਾ ਵਿਲੁੱਪਤ ਹੁੰਦੀਆਂ ਜਾ ਰਹੀਆਂ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਵਾਤਾਵਰਣ ਨੂੰ ਹਰਿਆ ਭਰਿਆ ਰੱਖਣ ਲਈ ਨਵੇਂ ਪੌਦੇ ਲਗਾਉਣ ਦਾ ਮਸ਼ਵਰਾ ਦਿੱਤਾ ਤੇ ਖ਼ੁੱਦ ਵੀ ਪੌਦੇ ਲਗਾਏ। ਇਸ ਮੌਕੇ ਡਾ. ਕੰਵਲਜੀਤ ਕੌਰ ਡਾਇਰੈਕਟਰ ਯੁਵਾ ਮਾਮਲੇ ਤੇ ਸੱਭਿਆਚਾਰ ਨੇ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਰਸਿਟੀ ਵੱਲੋਂ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਤਲਵੰਡੀ ਸਾਬੋ ਤੇ ਨੇੜਲੇ ਪਿੰਡਾਂ ਵਿੱਚ ਵਿਦਿਆਰਥੀਆਂ ਵੱਲੋਂ ਸਫਾਈ ਅਭਿਆਨ, ਵਾਤਾਵਰਣ ਜਾਗਰੂਕਤਾ ਅਭਿਆਨ ਅਤੇ ਜਾਗਰੂਕਤਾ ਰੈਲੀਆਂ ਦਾ ਆਯੋਜਨ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵਿਭਾਗ ਵੱਖ-ਵੱਖ ਪਿੰਡਾਂ ਵਿੱਚ ਵਣ-ਮਹਾਂਉਤਸਵ ਸ਼ੁਰੂ ਕਰੇਗਾ ਅਤੇ ਲੋਕਾਂ ਨੂੰ ਦਰਖੱਤਾਂ ਦੀ ਸਾਂਭ ਸੰਭਾਲ ਲਈ ਪ੍ਰੇਰਿਤ ਕੀਤਾ ਜਾਵੇਗਾ। ਸਮਾਰੋਹ ਵਿੱਚ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਵੱਲੋਂ ਵਾਤਾਵਰਣ ਸੁਰੱਖਿਆ ਲਈ ਪਾਏ ਯੋਗਦਾਨ ਵਾਸਤੇ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ ਲਵਲੀਨ ਸੱਚੇਦਵਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਚੌਗਿਰਦੇ ਦੇ ਰੱਖ ਰਖਾਵ ਨੂੰ ਪ੍ਰੇਰਿਤ ਕਰਦਾ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਅਤੇ ਕੁਦਰਤ ਦੀ ਪ੍ਰਸ਼ੰਸਾ ਕਰਦੀਆਂ ਤਸਵੀਰਾਂ ਦੀ ਪ੍ਰਦਰਸ਼ਨੀ ਲਗਾਈ ਗਈ।



## 'ਹੱਕ-ਸੱਚ ਦੀ ਲੜਾਈ'

ਦੁਨੀਆ ਕਸਰ ਨਹੀਂ ਛੱਡਦੀ
ਪਹਿਚਾਣ ਖਤਮ ਕਰਣ ਦੀ
ਖ਼ੁਦ ਹੀ
ਆਪਣੀ ਹਸਤੀ ਬਚਾਉਣੀ ਪੈਂਦੀ ਏ

ਹੱਕ-ਸੱਚ ਦੀ ਲੜਾਈ ਏ ਵੀਰੋ
ਹਾਕਮਾਂ ਤੱਕ
ਆਪਣੀ ਅਵਾਜ਼ ਪਹੁੰਚਾਉਣੀ ਪੈਂਦੀ ਏ

ਭੇਡਾਂ ਬਣ ਤੁਰਿਆ ਨਹੀਂ ਜਾਂਦਾ
ਸ਼ੇਰਾਂ ਵਾਂਗ ਦਹਾੜ ਲਗਾਉਣੀ ਪੈਂਦੀ ਏ

ਕਿਸਾਣੀ ਬਚਾਉਣ ਦੀ ਖਾਤਿਰ
ਇੱਕ ਜੁੱਟ ਹੋ ਕੇ
ਅਵਾਜ਼ ਬੁਲੰਦ ਕਰਵਾਉਣੀ ਪੈਂਦੀ ਏ

ਉਏ ਜਿਮੀਂਦਾਰ ਤਾਂ
ਵੱਟਾਂ ਪਿੱਛੇ ਲੜਾਈਆਂ ਮੁੱਲ ਲੈਂਦਾਂ ਏ
ਜਮੀਨਾਂ ਪਿੱਛੇ ਤਾਂ ਜਾਣ ਲੈਣੀ ਪੈਂਦੀ ਏ

ਦਲੇਰੀ ਤਾਂ ਮੁੱਢ ਕਦੀਮੀ ਲਿਖੀ ਏ
ਪੰਜਾਬ ਦੇ ਇਤਿਹਾਸ ਵਿੱਚ
ਸਾਨੂੰ ਪਤਾ ਏ
ਕੁਰਬਾਨੀ ਤਾਂ ਦੇਣੀ ਪੈਂਦੀ ਏ
ਪਹਿਲੇ ਗੁਰੂ ਨੇ
ਹਲ ਚਲਾਉਣਾ ਸਿਖਾ ਦਿੱਤਾ ਸਿੰਘਾਂ ਨੂੰ
ਦੱਸਿਆ ਕਿੱਦਾਂ ਕਿਰਤ ਕਰ ਖਾਣੀ ਪੈਂਦੀ ਏ

ਦਸਵੇਂ ਗੁਰੂ ਨੇ
ਤੇਗ ਚਲਾਉਣੀ ਸਿਖਾ ਦਿੱਤੀ ਸਿੰਘਾਂ ਨੂੰ
ਦੱਸਿਆ ਕਿੱਦਾਂ
ਕੀਤੀ ਕਿਰਤ ਬਚਾਉਣੀ ਪੈਂਦੀ ਏ



**-ਰਸ਼ਿਪੰਦਰ ਕੌਰ ਗਿੱਲ, ਸੰਸਥਾਪਕ, ਪ੍ਰਧਾਨ ਪੀਂਘਾਂ ਸੋਚ ਦੀਆਂ-ਸਾਹਿਤ ਮੰਚ, ਪਬਲੀਕੇਸ਼ਨ, ਮੈਗਜ਼ੀਨ, +91-9888697078**

## ਖੇਡ ਨਸੀਬਾਂ ਦੀ

ਕੌਣ, ਕਿਵੇ ਤੇ ਕਿੰਨਾ ਹੈ ਮਿਲਦਾ
ਕਿਸ ਨੂੰ ਮਿਲ ਤਨ ਮਨ ਖਿਲਦਾ ?
ਇਹ ਖੇਡ ਤਾਂ ਹੈ ਸਭ ਨਸੀਬਾਂ ਦੀ
ਦਿਲ ਵਸਿਆ ਕਿਸੇ ਵਸੀਬਾਂ ਦੀ।
ਰੂਹ ਨੂੰ ਤਾਂਘ ਰਹਿੰਦੀ ਰਬੀਬਾਂ ਦੀ
ਇਬਾਦਤ ਭਾਲੇ ਕਲਮ ਕਤੀਬਾਂ ਦੀ।।
ਧੁਰੋਂ ਗੰਢੀਆਂ ਸਾਂਝਾਂ ਨੂੰ ਪੈਂਦਾ ਬੂਰ
ਖਿੱਚ ਪਾਵੇ ਹੋਵੇ ਭਾਵੇ ਮੀਲਾਂ ਦੂਰ।।
ਸੰਗ ਇਹ ਮਿਲਦੇ ਨਸੀਬਾਂ ਨਾਲ
ਭਰੀ ਦੁਨੀਆਂ ਨਾ ਪੁੱਛੇ ਕੋਈ ਹਾਲ।।
ਕੋਈ ਧੁਰ ਅੰਦਰ ਤਕ ਜਾ ਹੈ ਵੱਸਦਾ
ਫੇਰ ਤਾਂ ਮਨ ਨਿੰਮਾ ਨਿੰਮਾ ਹੱਸਦਾ।।
ਇਸ ਵਿੱਚ ਨਾ ਚੱਲੇ ਕੋਈ ਮਲੋ ਜ਼ੋਰੀ
ਬੇਸ਼ੱਕ ਉਮਰਾਂ ਭਰ ਰੂਹ ਰਹੇ ਕੋਰੀ।।

**-ਸੁਰਿੰਦਰਪਾਲ ਸਿੰਘ**
**ਸ੍ਰੀ ਅੰਮ੍ਰਿਤਸਰ ਸਾਹਿਬ।**

### ਜੱਥੇਦਾਰ ਅਕਾਲ ਤਖਤ ਸਾਹਿਬ ਪੰਥ ਨੂੰ ਦੱਸਣ 2 ਦਸੰਬਰ ਨੂੰ ਲਏ ਗਏ

# ਇਤਿਹਾਸਿਕ ਫੈਸਲੇ ਹਾਲੇ ਤਕ ਕਿਉਂ ਨਹੀਂ ਲਾਗੂ ਹੋਏ: ਸਿੱਖ ਫੈਡਰੇਸ਼ਨ ਯੂਕੇ



**ਨਵੀਂ ਦਿੱਲੀ 2 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਬੀਤੀ 2 ਦਸੰਬਰ ਨੂੰ ਅਕਾਲ ਤਖਤ ਸਾਹਿਬ ਤੋਂ ਲਏ ਗਏ ਇਤਿਹਾਸਿਕ ਫੈਸਲੇ ਨਾਲ ਅਕਾਲ ਤਖਤ ਸਾਹਿਬ ਕਿਸੇ ਦਬਾਅ ਅਧੀਨ ਨਹੀਂ ਹੈ ਦਾ ਪੰਥ ਅੰਦਰ ਸੁਨੇਹਾ ਗਿਆ ਸੀ । ਪਰ ਹਾਲੇ ਤਕ ਉਨ੍ਹਾਂ ਫੈਸਲਿਆਂ ਉਪਰ ਕਾਰਵਾਈ ਨਾ ਹੋਣਾ ਮੁੜ ਤੋਂ ਪੰਥ ਅੰਦਰ ਨਮੋਸ਼ੀ ਪੈਦਾ ਕਰ ਰਿਹਾ ਹੈ ਇਸ ਲਈ ਜੱਥੇਦਾਰ ਅਕਾਲ ਤਖਤ ਸਾਹਿਬ ਵਲੋਂ ਪੰਥ ਨੂੰ ਦਸਣਾ ਚਾਹੀਦਾ ਹੈ ਕਿ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਲਏ ਗਏ ਫੈਸਲਿਆਂ ਅੰਦਰ ਕਿਤਨੇ ਫੈਸਲੇ ਲਾਗੂ ਹੋ ਗਏ ਹਨ ਤੇ ਕਿਤਨੇ ਬਾਕੀ ਹਨ, ਜੋ ਬਾਕੀ ਹਨ ਓਹ ਕਦੋ ਤਕ ਲਾਗੂ ਕਰਵਾਏ ਜਾਣਗੇ । ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਗਿੱਲ, ਬੀ ਪੀ ਓ ਭਾਈ ਦਬਿੰਦਰਜੀਤ ਸਿੰਘ, ਮੈਂਬਰ ਕੁਲਦੀਪ ਸਿੰਘ ਚਹੇੜੂ, ਹਰਦੀਸ਼ ਸਿੰਘ, ਨਰਿੰਦਰਜੀਤ ਸਿੰਘ ਅਤੇ ਜਤਿੰਦਰ ਸਿੰਘ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਰਦਿਆਂ ਕਿਹਾ ਕਿ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੇਤ ਬਾਕੀ ਅਕਾਲੀ ਆਗੂਆਂ ਵਲੋਂ ਆਪਣੀ ਬਾਕੀ ਤਨਖਾਹ ਤਾਂ ਮੁਕੰਮਲ ਕਰ ਲਈ ਗਈ ਹੈ, ਪਰ ਅਕਾਲੀ ਦਲ ਦੀ ਵਰਕਿੰਗ ਕਮੇਟੀ ਵਲੋਂ ਅਜੇ ਤੱਕ ਸਿੰਘ ਸਾਹਿਬਾਨ ਦੇ ਆਦੇਸ਼ ਅਨੁਸਾਰ ਸੁਖਬੀਰ ਸਮੇਤ ਕੁਝ ਹੋਰ ਅਕਾਲੀ ਆਗੂਆਂ ਵਲੋਂ ਦਿੱਤੇ ਅਸਤੀਫੇ ਪ੍ਰਵਾਨ ਨਹੀਂ ਕੀਤੇ ਗਏ ਤੇ ਉਨ੍ਹਾਂ ਨੂੰ ਇਸ ਲਈ ਹੋਰ ਸਮਾਂ ਦੇ ਦਿੱਤਾ ਗਿਆ । ਅਕਾਲ ਤਖਤ ਸਾਹਿਬ ਦੇ ਜਥੇਦਾਰ ਵਲੋਂ ਫਸੀਲ ਤੋਂ ਦਿੱਤਾ ਗਿਆ ਹਰ ਹੁਕਮ ਪੱਥਰ 'ਤੇ ਲਕੀਰ ਵਾਂਗ ਹੁੰਦਾ ਹੈ ਜਿਸ ਨੂੰ ਬਦਲਿਆ ਨਹੀਂ ਜਾ ਸਕਦਾ, ਪਰ ਹੈਰਾਨੀ ਦੀ ਗੱਲ ਹੈ ਕਿ ਬੀਤੀ 2 ਦਸੰਬਰ ਨੂੰ ਪੰਜ ਸਿੰਘ ਸਾਹਿਬਾਨ ਨੇ ਫਸੀਲ ਤੋਂ ਆਦੇਸ਼ ਜਾਰੀ ਕੀਤਾ, ਉਨ੍ਹਾਂ ਨੂੰ ਹੀ ਸਕੱਤਰੇਤ ਤੋਂ ਹੇਰ-ਫੇਰ ਕਰਕੇ ਬਦਲ ਦਿਤਾ ਗਿਆ। ਜੱਥੇਦਾਰ ਅਕਾਲ ਤਖਤ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਇਹ ਸਤਿਥੀ ਸਪਸ਼ਟ ਕਰਨੀ ਚਾਹੀਦੀ ਹੈ ਕਿ ਉਨ੍ਹਾਂ ਕਿਸਦੇ ਕਹਿਣ ਤੇ ਜਾਂ ਕਿਸੇ ਦਬਾਅ ਹੇਠ ਇਹ ਸਭ ਕੀਤਾ ਉਪਰੰਤ ਹਾਲੇ ਤਕ ਅਕਾਲੀ ਦਲ ਨੂੰ ਭੰਗ ਕਰਵਾ ਕੇ ਨਵੇਂ ਔਹਦੇਦਾਰਾਂ ਦੀ ਚੋਣ ਲਈ ਉਨ੍ਹਾਂ ਵਲੋਂ ਬਣਾਈ ਗਈ ਕਮੇਟੀ ਦੀ ਕੀ ਕਾਰਗੁਜਾਰੀ ਹੈ । ਉਨ੍ਹਾਂ ਕਿਹਾ ਕਿ ਸਿੰਘ ਸਾਹਿਬਾਨ ਵਲੋਂ ਲਗਾਈ ਗਈ ਧਾਰਮਿਕ ਤਨਖਾਹ ਉਦੋਂ ਹੀ ਮੁਕੰਮਲ ਹੋਵੇਗੀ, ਜਦੋਂ ਉਨ੍ਹਾਂ ਵਲੋਂ ਜਾਰੀ ਸਾਰੇ ਆਦੇਸ਼ਾਂ ਦਾ ਇੰਨ-ਬਿੰਨ ਪਾਲਣ ਹੋ ਜਾਵੇਗਾ । ਅਕਾਲੀ ਦਲ ਦੀ ਵਰਕਿੰਗ ਕਮੇਟੀ ਸੁਖਬੀਰ ਸਿੰਘ ਬਾਦਲ ਦਾ ਅਸਤੀਫਾ ਪ੍ਰਵਾਨ ਕਰਨ ਸੰਬੰਧੀ ਅਜੇ ਤੱਕ ਢਿਲ ਮੱਠ ਦਿਖਾਣ ਨਾਲ ਅਕਾਲ ਤਖਤ ਸਾਹਿਬ ਦੇ ਫੈਸਲਿਆਂ ਦੀ ਜਾਣਬੁਝ ਕੇ ਉਲੰਘਣਾ ਕਰ ਰਿਹਾ ਹੈ। ਉਨ੍ਹਾਂ ਨੇ ਯੂਪੀ ਵਿਖੇ ਕੀਤੇ ਗਏ ਤਿੰਨ ਬੇਗੁਨਾਹ ਅਤਿ ਗਰੀਬ ਪਰਿਵਾਰਾਂ ਦੇ ਸਿੱਖਾਂ ਨੂੰ ਖਾਲਿਸਤਾਨੀ ਦਸਕੇ ਇਨਕਾਊਂਟਰ ਕਰਨਾ ਅਤੇ ਬਾਬਾ ਬਖਸ਼ੀਸ਼ ਸਿੰਘ ਉਪਰ ਕੀਤੇ ਗਏ ਹਮਲੇ ਦੀ ਸਖ਼ਤ ਨਿਖੇਧੀ ਕਰਦਿਆਂ ਹਿੰਦ ਸਰਕਾਰ ਉਪਰ ਮੁੜ ਤੋਂ ਸਿੱਖਾਂ ਦੇ ਵਿਦੇਸ਼ਾਂ ਅੰਦਰ ਕਰਵਾਏ ਗਏ ਸਿੱਖਾਂ ਦੇ ਕਤਲੇਆਮ ਵਾਂਗ ਹੁਣ ਹਿੰਦ ਵਿਚ ਵਰਤਣ ਦਾ ਆਰੋਪ ਲਗਾਦਿਆਂ ਇਸ ਨੀਤੀ ਨੂੰ ਤੁਰੰਤ ਰੋਕਣ ਲਈ ਕਿਹਾ।

### ਕਿਸਾਨ ਆਗੂ ਡੱਲੇਵਾਲ ਆਪਣੇ ਮਰਨ ਵਰਤ 'ਤੇ ਮੁੜ ਵਿਚਾਰ ਕਰਨ

# ਦਰਸ਼ਨ ਸਿੰਘ ਫੇਰੂਮਾਨ 90 ਦਿਨ ਦੇ ਮਰਨ ਵਰਤ ਤੋਂ ਬਾਅਦ ਸ਼ਹੀਦ ਹੋ ਗਏ ਪਰ ਚੰਡੀਗੜ੍ਹ ਪੰਜਾਬ ਨੂੰ ਨਹੀਂ ਮਿਲਿਆ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 2 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੂੰ ਮਹੀਨਾ ਬੀਤਣ ਵਾਲਾ ਹੈ ਪਰ ਕੇਂਦਰ ਸਰਕਾਰ ਦੀ ਇਸ ਸਬੰਧੀ ਕਿਸਾਨਾ ਨਾਲ ਗੱਲਬਾਤ ਰਾਹੀ ਮਸਲਾ ਹੱਲ ਕਰਨ ਦੀ ਕੋਈ ਦਿਲਚਸਪੀ ਨਹੀਂ ਲੱਗ ਰਹੀ, ਜਦੋਂ ਕਿ ਸੁਪਰੀਮ ਕੋਰਟ ਪੰਜਾਬ ਸਰਕਾਰ ਨੂੰ ਡੱਲੇਵਾਲ ਨੂੰ ਹਸਪਤਾਲ ਵਿੱਚ ਦਾਖ਼ਲ ਕਰਨ ਦੇ ਹੁਕਮ ਦੇ ਚੁੱਕੀ ਹੈ ਪਰ ਸਰਕਾਰ ਡੱਲੇਵਾਲ ਨੂੰ ਚੁੱਕਣ ਦੀ ਜੁਰਅਤ ਨਹੀਂ ਰੱਖਦੀ ,ਦੂਜੇ ਪਾਸੇ ਸੁਪਰੀਮ ਕੋਰਟ ਕਿਸਾਨਾ ਨੂੰ ਗੱਲਬਾਤ ਲਈ ਸੱਦ ਰਹੀ ਹੈ ਜਦੋ ਕਿ ਕਿਸਾਨ ਸੰਯੁਕਤ ਮੋਰਚਾ ਰਾਜਨੀਤਕ ਦੇ ਆਗੂ ਕਿਸਾਨ ਸਰਕਾਰ ਨਾਲ ਗੱਲਬਾਤ ਕਰਨ ਲਈ ਕੋਰਾ ਜੁਆਬ ਦੇ ਰਹੇ ਹਨ, ਉਹਨਾਂ ਦਾ ਕਹਿਣਾ ਹੈ ਕਿ ਉਹ ਡੱਲੇਵਾਲ ਦੇ ਰੱਖੇਂ ਮਰਨ ਵਾਲੇ ਮਸਲੇ ਵਿੱਚ ਸ਼ਾਮਲ ਹੀ ਨਹੀਂ ਇਸ ਕਰਕੇ ਇਸ ਮਸਲੇ ਤੇ ਸੁਪਰੀਮ ਕੋਰਟ ਨਾਲ ਗੱਲਬਾਤ ਕਰਨ ਦੀ ਕੋਈ ਤੁਕ ਹੀ ਨਹੀਂ ਬਣਦੀ, ਇਸ ਸਥਿਤੀ ਨੂੰ ਮੁੱਖ ਰੱਖਦਿਆਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਬੇਨਤੀ ਕਰਦੀ ਹੈ ਕਿ ਉਹ ਆਪਣੇ ਮਰਨ ਵਰਤ ਤੇ ਫਿਰ ਤੋਂ ਵਿਚਾਰ ਕਰਨ,ਕਿਉਂਕਿ ਮਰਨ ਵਰਤ ਜਿਥੇ ਸਿੱਖਾਂ ਸਿਧਾਂਤਾਂ ਦੇ ਅਨੁਕੂਲ ਨਹੀਂ, ਉਥੇ ਮਰਨ ਵਰਤ ਨਾਲ ਕੋਈ ਮਸਲੇ ਹੱਲ ਨਹੀਂ ਹੁੰਦੇ, ਕਿਉਂਕਿ ਕਿ 90 ਦਿੱਨਾਂ ਮਰਨ ਵਰਤ ਤੋਂ ਬਾਅਦ ਕਾਂਗਰਸ ਦੇ ਆਗੂ ਤੇ ਮਾਝੇ ਜਰਨੈਲ ਸ਼ਹੀਦ ਦਰਸ਼ਨ ਸਿੰਘ ਫੇਰੂਮਾਨ ਨੇ ਮਰਨ ਤੋਂ ਬਾਅਦ ਚੰਡੀਗੜ੍ਹ ਪੰਜਾਬ ਨੂੰ ਨਹੀਂ ਸੀ ਮਿਲਿਆ, ਦੂਜੇ ਪਾਸੇ ਬੱਦੀ ਸਿੰਘਾਂ ਦੀ ਰਿਹਾਈ ਲਈ ਮਰਨ ਵਰਤ ਤੇ ਬੈਠੇ ਬਾਪੂ ਸੂਰਤ ਨੇ ਬੰਦੀ ਸਿੰਘਾਂ ਨੂੰ ਰਿਹਾਅ ਕਰਵਾ ਲਿਆ ਸੀ, ਇਸ ਕਰਕੇ ਆਪਣੀਆਂ ਸੰਯੋਗੀ ਜਥੇਬੰਦੀਆਂ ਤੇ ਲੋਕਾਂ ਦੇ ਕਹਿਣ ਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮਰਨ ਵਰਤ ਛੱਡ ਦੇਣਾਂ ਚਾਹੀਦਾ ਹੈ ਕਿਉਂਕਿ ਪੰਜਾਬ ਦੇ ਕਿਸਾਨਾਂ ਨੂੰ ਉਨ੍ਹਾਂ ਦੀ ਨੇਕ ਤੇ ਧਰਮੀ ਅਗਵਾਈ ਦੀ ਅਜੇ ਲੋੜ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸੁਪਰੀਮ ਕੋਰਟ ਨੇ ਐਸ ਕੇ ਐਮ ਵਲੋਂ ਡੱਲੇਵਾਲ ਨੂੰ ਮਰਨ ਵਰਤ ਛੱਡਣ ਦੀ ਅਪੀਲ ਨੂੰ ਮੁੱਖ ਰੱਖਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਸਪੱਸ਼ਟ ਕੀਤਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਤੇ ਮੰਗਾਂ ਲਈ ਸੰਘਰਸ਼ ਕਰਨ ਦੀ ਪੂਰੀ ਹਮਾਇਤ ਕਰਦੀ ਹੈ ਪਰ ਮਰਨ ਵਰਤ ਦੇ ਹੱਕ ਵਿੱਚ ਨਹੀਂ ਕਿਉਂਕਿ ਇਹ ਸਿੱਖਾਂ ਸਿਧਾਂਤਾਂ ਦੇ ਉਲਟ ਹੈ ਅਤੇ ਫੈਡਰੇਸ਼ਨ ਸਿੱਖੀ ਸਿਧਾਂਤਾਂ ਤੇ ਪਹਿਰਾ ਦੇਂਦੀ ਹੈ, ਭਾਈ ਖਾਲਸਾ ਨੇ ਆਖਿਆ ਕਈ ਲੋਕ ਗੀਤ ਕਾਰ ਦਿਲਜੀਤ ਦੋਸਾਂਝ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਿਲਨ ਤੇ ਟਿੱਪਣੀ ਕਰ ਰਹੇ ਹਨ ਕਿ ਪ੍ਰਧਾਨ ਮੰਤਰੀ ਨੂੰ ਦਿਲਜੀਤ ਦੋਸਾਂਝ ਨੂੰ ਮਿਲਨ ਦਾ ਸਮਾਂ ਹੈ ਪਰ ਬਾਰਡਰਾਂ ਤੇ ਬੈਠੇ ਕਿਸਾਨਾਂ ਨੂੰ ਮਿਲਨ ਦਾ ਨਹੀਂ ? ਤੇ ਭਾਈ ਖਾਲਸਾ ਨੇ ਕਿਹਾ ਦਿਲਜੀਤ ਦੁਸਾਂਝ ਨੇ ਦੇਸ਼ਾਂ ਵਿਦੇਸ਼ਾਂ ਵਿਚ ਪੰਜਾਬ ਦਾ ਨਾਂ ਰੌਸ਼ਨ ਕੀਤਾ ਅਤੇ ਕਿਸਾਨਾਂ ਨੇ ਮੋਦੀ ਨੂੰ ਹਰਾਉਣ ਲਈ ਦੇਸ਼ ਦੇ ਕੋਨੇ ਕੋਨੇ ਤੇ ਜਾ ਪ੍ਰਚਾਰ ਕੀਤਾ, ਪਰ ਮੋਦੀ ਆਪਣੀ ਸਰਕਾਰ ਬਣਾਉਣ ਵਿਚ ਫਿਰ ਕਾਮਯਾਬ ਹੋ ਗਏ, ਭਾਈ ਖਾਲਸਾ ਨੇ ਦੱਸਿਆ ਜਦੋਂ ਤੁਸੀਂ ਪੜਦੇ ਪਿਛੇ ਇੱਕ ਪਾਰਟੀ ਨੂੰ ਪ੍ਰਮੋਟ ਕਰਨ ਰਹੇ ਹੋ ਤਾਂ ਇਹਨਾਂ ਹਲਾਤਾਂ ਵਿੱਚ ਮੋਦੀ ਸਰਕਾਰ ਤੁਹਾਡੇ ਨਾਲ ਕੇਵੇ ਗੱਲ ਕਰੇ, ਭਾਈ ਖਾਲਸਾ ਨੇ ਨਿੱਤ ਦਿਨ ਬੰਦ, ਰੇਲਾਂ ਰੋਕਣ, ਬੱਸਾਂ ਦੇ ਰੋਕਣ ਅਤੇ ਪੰਜਾਬ ਬੰਦ ਕਰਕੇ ਆਮ ਕਾਰੀ ਬਾਰੀ ਲੋਕਾਂ ਦੀਆਂ ਬੱਦਦਵਾਵਾ ਲੈਣ ਨਾਲ ਮਸਲੇ ਹੱਲ ਨਹੀਂ ਹੋ ਸਕਦੇ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਮਰਨ ਵਰਤ ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਜਿਥੇ ਆਪਣੇ ਮਰਨ ਵਰਤ ਤੇ ਮੁੜ ਤੋਂ ਵਿਚਾਰ ਕਰਨ ਦੀ ਬੇਨਤੀ ਕਰਦੀ ਹੈ ਉਥੇ ਸਰਕਾਰ ਤੋਂ ਮੰਗ ਕਰਦੀ ਹੈ ਕਿ ਕਿਸਾਨ ਆਗੂਆਂ ਨਾਲ ਦਿੱਲੀ ਮੋਰਚਾ ਸਮਾਪਤ ਕਰਨ ਸਮੇਂ ਮੰਗੀਆਂ ਮੰਗਾਂ ਪ੍ਰਵਾਨ ਕਰਨ ਦੀ ਲੋੜ ਤੇ ਜ਼ੋਰ ਦੇਵੇ ਤਾਂ ਕਿ ਬਾਰਡਰ ਤੇ ਬੈਠੇ ਸਾਰੇ ਕਿਸਾਨ ਆਗੂ ਆਪਣੇ ਘਰਾਂ ਨੂੰ ਪਰਤ ਸਕਣ।। ਇਸ ਮੌਕੇ ਤੇ ਭਾਈ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ ਭਾਈ ਜੋਗਿੰਦਰ ਸਿੰਘ ਅਤੇ ਭਾਈ ਜਗਤਾਰ ਸਿੰਘ ਫਿਰੋਜ਼ਪੁਰ ਭਾਈ ਸਿੰਦਾ ਸਿੰਘ ਨਿਹੰਗ ਤੇ ਪਿਰਥੀ ਸਿੰਘ ਧਾਲੀਵਾਲ ਧਰਮਕੋਟ ਭਾਈ ਮਨਜਿੰਦਰ ਸਿੰਘ ਖਾਲਸਾ ਤੇ ਭਾਈ ਸੁਰਜੀਤ ਸਿੰਘ ਕਮਾਲਕੇ ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ ਭਾਈ ਜਗਜੀਤ ਸਿੰਘ ਸੈਦੇਸਾਹ ਵਾਲਾ ਭਾਈ ਸੁਖਦੇਵ ਸਿੰਘ ਫ਼ੌਜੀ ਜਗਰਾਉਂ ਭਾਈ ਬਲਵਿੰਦਰ ਸਿੰਘ ਖਡੂਰ ਸਾਹਿਬ ਭਾਈ ਇੰਦਰਜੀਤ ਸਿੰਘ ਕਾਉਂਕੇ ਆਦਿ ਆਗੂ ਹਾਜਰ ਸਨ।



# ਨਵੇਂ ਸਾਲ ਤੇ ਕਿਸਾਨ ਬਚਾਓ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਸ੍ਰੀ ਅੰਮ੍ਰਿਤਸਰ ਭਾਈ ਸਤਨਾਮ ਸਿੰਘ ਜੀ ਸੈਦੋਲੇਹਲ ਨੂੰ ਸਨਮਾਨ



**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਕਿਸਾਨ ਬਚਾਓ ਮੋਰਚੇ ਦੇ ਪ੍ਰਧਾਨ ਭਾਈ ਸਤਨਾਮ ਸਿੰਘ ਜੀ ਸੈਦਲੇਹਲ ਨੂੰ ਵੱਲਾ ਹਸਪਤਾਲ ਦੇ ਸਮੂਹ ਡਰਾਈਵਰ ਸਟਾਫ ਵੱਲੋਂ ਵਧੀਆ ਸੇਵਾਵਾਂ ਨਿਭਾਉਣ ਬਦਲੇ ਸਨਮਾਨ ਕੀਤਾ ਗਿਆ। ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਸਪੁੱਤਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆ ਵੱਲੋਂ ਅੰਮ੍ਰਿਤ ਵੇਲੇ ਗੁਰਬਾਣੀ ਦੇ ਜਾਪ ਕਰਕੇ ਭਾਈ ਸਤਨਾਮ ਸਿੰਘ ਜੀ ਦੀ ਦੇਹ ਅਰੋਗਤਾ ਤੇ ਕੌਮ ਦੀ ਚੜ੍ਹਦੀ ਕਲਾ ਨਾਲ ਸੇਵਾ ਕਰਨ ਦੀ ਅਰਦਾਸ ਬੇਨਤੀ ਕੀਤੀ। ਭਾਈ ਸਤਨਾਮ ਸਿੰਘ ਜੀ ਸੁਪਰਵਾਈਜ਼ਰ ਵੱਲੋਂ ਸਮੂਹ ਸਟਾਫ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਭਾਈ ਕੁਲਜੀਤ ਸਿੰਘ, ਭਾਈ ਗੁਰਮੁੱਖ ਸਿੰਘ, ਭਾਈ ਲਖਵਿੰਦਰ ਸਿੰਘ ਵੜੈਚ, ਭਾਈ ਭੁਪਿੰਦਰ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਧਰਮਵੀਰ ਸਿੰਘ, ਭਾਈ ਨਰਵਿੰਦਰ ਸਿੰਘ ਅਤੇ ਹੋਰ ਪਤਵੰਤੇ ਹਾਜਰ ਸਨ।

# ਰਾਸ਼ਟਰੀ ਟੀਬੀ ਮੁਕਤ ਅਭਿਆਨ ਤਹਿਤ ਡਾਇਟ ਕਿੱਟਾ ਅਤੇ ਜਾਗਰਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ



**ਚੌਕ ਮਹਿਤਾ, 2 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਰਕਾਰ ਵਲੋਂ ਚਲਾਏ ਜਾ ਰਹੇ ਰਾਸ਼ਟਰੀ ਟੀਬੀ ਮੁਕਤ ਅਭਿਆਨ ਸਬੰਧੀ ਮਣਯੋਗ ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਕਸ਼ੀ ਸਾਹਨੀ ਅਤੇ ਸਿਵਲ ਸਰਜਨ ਡਾ ਕਿਰਨਦੀਪ ਕੌਰ ਵਲੋਂ ਡਾਇਟ ਕਿੱਟਾ ਨਾਲ ਲੈਸ ਇਕ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਪੂਰੇ ਜਿਲ੍ਹੇ ਭਰ ਲਈ ਰਵਾਨਾ ਕੀਤਾ ਗਿਆ ਇਸ ਦੌਰਾਨ ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਕਸ਼ੀ ਸਾਹਨੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋ ਟੀਬੀ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਇਸ ਮੁਹਿੰਮ ਦਾ ਮੁੱਖ ਉਦੇਸ਼ ਟੀਬੀ ਦੇ ਲੁਕੇ ਹੋਏ ਐਕਟਿਵ ਕੇਸਾਂ ਦੀ ਭਾਲ ਕਰਨਾ ਅਤੇ ਇਲਾਜ ਕਰਵਾਉਣਾ ਹੈ। ਉਹਨਾਂ ਆਖਿਆ ਕਿ ਟੀਬੀ ਵਰਗੀ ਬਿਮਾਰੀ ਨਾਲ ਲੜਨ ਲਈ ਮਰੀਜ ਨੂੰ ਹਾਈ ਪ੍ਰੋਟੀਨ ਖ਼ੁਰਾਕ ਦੀ ਸਖ਼ਤ ਲੋੜ ਹੁਦੀ ਹੈ ਇਸ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਐਨਜੀਓ ਦੀ ਮਦਦ ਨਾਲ 1700 ਹਾਈ ਪ੍ਰੋਟੀਨ ਡਾਇਟ ਕਿੱਟਾ ਮੁਹਈਆ ਕਰਵਾਇਆ ਗਇਆ ਹਨ। ਇਹਨਾ ਕਿੱਟਾ ਵਿਚ ਮਰੀਜਾਂ ਲਈ ਟੀਬੀ ਦੀ ਬਿਮਾਰੀ ਨਾਲ ਜੂਝਣ ਲਈ ਸਾਰੇ ਜਰੂਰੀ ਖ਼ੁਰਾਕੀ ਤੱਤ ਮੌਜੂਦ ਹਨ ਅਤੇ ਇਹ ਕਿੱਟਾ ਟੀਬੀ ਦੇ ਮਰੀਜਾਂ ਤੱਕ ਐਸਟੀਐਸ ਅਤੇ ਟੀਬੀ ਸਟਾਫ਼ ਦੀ ਮਦਦ ਨਾਲ ਹਰ ਮਹੀਨੇ ਪਹੁੰਚਾਈਆਂ ਜਾਣਗੀਆਂ। ਓਹਨਾ ਕਿਹਾ ਕਿ ਟੀਬੀ ਦੇ ਮਰੀਜਾਂ ਨੂੰ ਆਪ ਅੱਗੇ ਆਕੇ ਆਪਣਾ ਮੁਫਤ ਇਲਾਜ ਅਤੇ ਜਾਂਚ ਕਰਵਾਉਣੀ ਚਾਹੀਦੀ ਹੈ। ਸਿਵਲ ਸਰਜਨ ਡਾ ਕਿਰਨਦੀਪ ਕੋਰ ਨੇ ਇਸ ਅਵਸਰ ਤੇ ਕਿਹਾ ਕਿ ਸਿਹਤ ਵਿਭਾਗ ਅੰਮ੍ਰਿਤਸਰ ਵਲੋਂ "ਜਨ ਜਨ ਦਾ ਰੱਖੇ ਧਿਆਨ, ਟੀਬੀ ਮੁਕਤ ਭਾਰਤ ਅਭਿਆਨ" ਦਾ ਸੁਪਨਾ ਸਾਕਾਰ ਕਰਨ ਲਈ ਜੀ ਜਾਨ ਨਾਲ ਮਿਹਨਤ ਕੀਤੀ ਜਾ ਰਹੀ ਹੈ, ਤਾ ਜੋ 2025 ਤੱਕ ਜਿਲੇ ਨੂੰ ਟੀਬੀ ਮੁਕਤ ਬਣਾਇਆ ਜਾ ਸਕੇ। ਓਹਨਾ ਕਿਹਾ ਕਿ ਇਸ ਵੈਨ ਵਿਚ ਲੋਕਾਂ ਨੂੰ ਟੀਬੀ ਪ੍ਰਤੀ ਜਾਗਰੂਕ ਕਰਨ ਲਈ ਆਈਈਸੀ ਮਟਰੀਅਲ ਰਾਹੀਂ ਇਸ ਬਿਮਾਰੀ ਪ੍ਰਤੀ ਜਾਗਰੂਕ ਕੀਤਾ ਜਾਵੇਗਾ ਇਸ ਮੌਕੇ ਤੇ ਸਟੇਟ ਨੋਡਲ ਅਫ਼ਸਰ ਡਾ ਜਸਕੀਰਤ ਸਿੰਘ, ਜਿਲ੍ਹਾ ਟੀਬੀ ਅਫਸਰ ਡਾ ਵਿਜੈ ਗੋਤਵਾਲ, ਜਿਲ੍ਹਾ ਮਾਸ ਮੀਡੀਆ ਅਫਸਰ ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।

# ਜਨਮ ਦਿਨ ਮੁਬਾਰਕ





ਕਰਮਜੀਤ ਸਿੰਘ ਦੇ ਜਨਮਦਿਨ ਮੌਕੇ ਪਿਤਾ ਜਥੇਦਾਰ ਬੋਹੜ ਸਿੰਘ ਜੀ ਦਮਦਮੀ ਟਕਸਾਲ ਵਾਲੇ ਅਤੇ ਮਾਤਾ ਅਮਰਜੀਤ ਕੌਰ ਨੂੰ ਲੱਖ-ਲੱਖ ਵਧਾਈਆਂ

### ਰੋਜ਼ਾਨਾ ਅਜੀਤ ਦੇ ਪੱਤਰਕਾਰ ਗੁਰਪ੍ਰੀਤ ਸਿੰਘ ਮੱਤੇਵਾਲ ਦੇ ਸਤਿਕਾਰਯੋਗ

# ਮਾਤਾ ਗੁਰਬਚਨ ਕੌਰ ਜੀ ਦੇ ਨਮਿਤ ਪਾਏ ਗਏ ਭੋਗ ਅਤੇ ਅੰਤਿਮ ਅਰਦਾਸ



**ਚੌਕ ਮਹਿਤਾ, 2 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੱਤੇਵਾਲ ਤੋਂ ਰੋਜ਼ਾਨਾ ਅਜੀਤ ਦੇ ਪੱਤਰਕਾਰ ਗੁਰਪ੍ਰੀਤ ਸਿੰਘ ਮੱਤੇਵਾਲ ਦੇ ਮਾਤਾ ਜੀ ਸ੍ਰੀਮਤੀ ਗੁਰਬਚਨ ਕੌਰ ਮੱਤੇਵਾਲ ਧਰਮ ਸਪੁੱਤਨੀ ਸ, ਇਕਬਾਲ ਸਿੰਘ ਮੱਤੇਵਾਲ ਜ਼ੋ ਬੀਤੇ ਦਿਨੀ 21 ਦਸੰਬਰ ਨੂੰ ਦਿਲ ਦਾ ਦੌਰਾ ਪੈਣ ਕਰਕੇ ਸਦੀਵੀ ਵਿਛੋੜਾ ਦੇ ਗਏ ਸਨ ਉਨ੍ਹਾਂ ਦੇ ਨਮਿੱਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਅੰਤਿਮ ਅਰਦਾਸ ਕੀਤੀ ਗਈ।ਉਪਰੰਤ ਰਾਗੀ ਸਿਘਾ ਨੇ ਵੈਰਾਗ ਮਈ ਕੀਰਤਨ ਸੰਗਤਾਂ ਨੂੰ ਸਰਵਨ ਕਰਵਾਏ।ਇਸ ਮੌਕੇ ਤੇ ਵਿਸੇਸ ਤੌਰ ਤੇ ਗਿਆਨੀ ਸੁਖਦੇਵ ਸਿੰਘ ਫਰਾਂਸ ਸਾਧਪੁਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਰਬਾਰ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਕਥਾ ਅਤੇ ਗੁਰਮੱਤ ਵਿਚਾਰਾਂ ਦੀ ਸਾਂਝ ਪਾਈ। ਇਸ ਦੁੱਖ ਦੀ ਘੜੀ ਵਿੱਚ ਮਾਤਾ ਗੁਰਬਚਨ ਕੌਰ ਜੀ ਨੂੰ ਸਰਧਾ ਦੇ ਫ਼ੁੱਲ ਭੇਂਟ ਕਰਨ ਲਈ ਭੋਗ ਅਤੇ ਅੰਤਿਮ ਅਰਦਾਸ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਗੁਰਪ੍ਰੀਤ ਸਿੰਘ ਮੱਤੇਵਾਲ ਤੈ ਸਮੂਹ ਪਰਿਵਾਰ ਪਰਿਵਾਰ ਨਾਲ ਡੂੰਘੇ ਦੁਖ ਦਾ ਪ੍ਰਗਟਾਵਾ ਕੀਤਾ। ਜਿਨ੍ਹਾਂ ਵਿੱਚ ਹੋਰਨਾਂ ਤੋਂ ਇਲਾਵਾ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੱਤੇਵਾਲ ਵਾਲੇ, ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਪ੍ਰਿੰ.ਸੀਪਲ ਪਰਮਬੀਰ ਸਿੰਘ ਮੱਤੇਵਾਲ, ਸਾਬਕਾ ਚੈਅਰਮੈਨ ਮਨਜੀਤ ਸਿੰਘ ਤਰਸਿਕਾ, ਪ੍ਰੋਫੈਸਰ ਸਤਬੀਰ ਸਿੰਘ ਮੱਤੇਵਾਲ, ਕੁਲਦੀਪ ਸਿੰਘ ਮੱਤੇਵਾਲ ਸੇਵਾ ਮੁਕਤ ਡਾਇਰੈਕਟਰ,ਲਖਬੀਰ ਸਿੰਘ ਪੀ ਏ ਮਜੀਠੀਆ,ਸਾਬਕਾ ਚੇਅਰਮੈਨ ਪ੍ਰਗਟ ਸਿੰਘ ਚੁਗਾਵਾਂ,ਪ੍ਰਿੰਸੀਪਲ ਗੁਰਸੇਵਕ ਸਿੰਘ, ਪਲਵਿੰਦਰ ਸਿੰਘ ਸਰਹਾਲਾ ਡਾਇਰੈਕਟਰ ਨੋਬਲਵੀਜਨ ਸਕੂਲ, ਪਰਮਜੀਤ ਸਿੰਘ ਦੁਬਾਈ, ਬਾਬਾ ਸੁਖਵੰਤ ਸਿੰਘ ਚੰਨਣਕੇ, ਅਮਰਪਾਲ ਸਿੰਘ ਪਾਲੀ ਉਦੋਕੇ, ਦਿਲਬਾਗ ਸਿੰਘ ਕਲੇਰ ਸਰਕਲ ਪ੍ਰਧਾਨ, ਗੁਲਵਿੰਦਰ ਸਿੰਘ ਉਦੋਕੇ, ਗੁਰਬੀਰ ਸਿੰਘ ਮੱਲ੍ਹੀ ਸਮੇਤ ਰੋਜ਼ਾਨਾ ਅਜੀਤ ਤੋਂ ਪੱਤਰਕਾਰ ਭਾਈਚਾਰਾ ਤੇ ਪੰਚ ਸਰਪੰਚ ਮੌਜੂਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਮੇਹਰਬਾਨ ਪੁਰ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ

# ਜ਼ੋਨ ਜੰਡਿਆਲਾ ਗੁਰੂ ਵੱਲੋਂ ਨਵੀਂ ਕਮੇਟੀ ਦਾ ਗਠਨ



**ਜੰਡਿਆਲਾ ਗੁਰੂ, 2 ਜਨਵਰੀ (ਕੁਲਵੰਤ ਸਿੰਘ ਵਿਰਦੀ)**-ਅੱਜ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਜੰਡਿਆਲਾ ਗੁਰੂ ਦੇ ਪਿੰਡ ਮੇਹਰਬਾਨ ਪੁਰਾ ਵਿੱਚ ਜੋਨ ਪ੍ਰਧਾਨ ਚਰਨਜੀਤ ਸਿੰਘ ਸਫੀਪੁਰ ਦੀ ਅਗਵਾਈ ਵਿੱਚ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ। ਜਿਸ ਵਿੱਚ ਇਕਾਈ ਪ੍ਰਧਾਨ ਜਸਵੰਤ ਸਿੰਘ ਅਤੇ ਰਣਜੀਤ ਸਿੰਘ ਨੂੰ ਖ਼ਜ਼ਾਨਚੀ ਨਿਯੁਕਤ ਕੀਤਾ ਗਿਆ।ਇਸ ਮੌਕੇ ਜੋਨ ਸਕੱਤਰ ਪ੍ਰਗਟ ਸਿੰਘ ਗੁਨੋਵਾਲ ਨੇ ਕਿਹਾ ਕਿ ਆਪਣੇ ਹੱਕਾਂ ਦੀ ਰਾਖੀ ਕਰਨ ਲਈ ਦੇਸ਼ ਦੇ ਹਰ ਵਿਅਕਤੀ ਨੂੰ ਜਥੇਬੰਧਕ ਹੋਣ ਦੀ ਲੋੜ ਹੈ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇਸ਼ ਦੇ ਕਿਸਾਨਾਂ ਮਜ਼ਦੂਰਾਂ ਦੀਆਂ ਸਾਂਝੀਆਂ ਮੰਗਾਂ ਨੂੰ ਲੈ ਕੇ ਹਮੇਸ਼ਾ ਹੱਕ ਸੱਚ ਦੀ ਲੜਾਈ ਲੜਦੀ ਹੈ ।ਹੁਣ ਵੀ ਦੇਸ਼ ਦੇ ਦੋ ਵੱਡੇ ਫੋਰਮਾ ਦੀ ਅਗਵਾਈ ਵਿੱਚ ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਅਧੀਨ 2020 ਦੇ ਅੰਦੋਲਨ ਦੌਰਾਨ ਕੇਂਦਰ ਸਰਕਾਰ ਵੱਲੋਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਫਰਵਰੀ 2024 ਤੋਂ ਲਗਾਤਾਰ ਸੰਘਰਸ਼ ਕਰ ਰਹੀ ਹੈ। ਉਹਨਾ ਨੇ ਮੇਹਰਬਾਨ ਪੁਰਾ ਦੇ ਕਿਸਾਨ ਮਜ਼ਦੂਰ ਵੀਰਾਂ ਨੂੰ ਚੱਲ ਰਹੇ ਸੰਘਰਸ਼ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਮੇਹਰਬਾਨ ਪੁਰ ਦੀ ਇਕਾਈ ਨੇ ਕਿਹਾ ਕਿ ਅਸੀਂ ਕਿਸਾਨਾ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਕਿਸਾਨ ਮਜ਼ਦੂਰ ਸਘੰਰਸ਼ ਕਮੇਟੀ ਪੰਜਾਬ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾਗੇ। ਅਤੇ ਜਥੇਬੰਦੀ ਦੇ ਆਏ ਹੁਕਮਾਂ ਨੂੰ ਲਾਗੂ ਕਰਾਂਗੇ। ਇਸ ਕਮੇਟੀ ਦੇ ਗਠਨ ਦੌਰਾਨ ਜੰਡਿਆਲਾ ਗੁਰੂ ਜੋਨ ਦੀ ਸਮੁੱਚੀ ਲੀਡਰਸ਼ਿਪ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹਾਰਟ ਨਾਲ ਜੁੜੀਆਂ ਬਿਮਾਰੀਆਂ ਦੇ ਟੈਸਟ ਲਈ ਗੁਰਦਵਾਰਾ ਰਾਜੌਰੀ ਗਾਰਡਨ ਵਿੱਚ ਮਸ਼ੀਨ ਲਗਾਈ ਗਈ



ਨਵੀਂ ਦਿੱਲੀ 2 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-: ਪੱਛਮੀ ਦਿੱਲੀ ਦੇ ਗੁਰਦਵਾਰਾ ਰਾਜੌਰੀ ਗਾਰਡਨ ਵਿੱਚ ਚੱਲ ਰਹੇ ਸੁਪਰ ਸਪੈਸ਼ਿਲਸਟ ਕਲੀਨਿਕ ਵਿੱਚ ਹਾਰਟ ਨਾਲ ਜੁੜੀਆਂ ਬਿਮਾਰੀਆਂ ਦੇ ਟੈਸਟ ਕਰਨ ਲਈ ਨਵੀਂ ਮਸ਼ੀਨ ਲਗਾਈ ਗਈ ਹੈ ਜਿਸ ਦਾ ਉਧਘਾਟਨ ਪੰਜਾਬ ਐਂਡ ਸਿੰਧ ਬੈਂਕ ਅਤੇ ਪੰਜਾਬ ਨੈਸ਼ਨਲ ਬੈਂਕ ਦੇ ਪੂਰਵ ਚੇਅਰਮੈਨ ਐਸ ਐਸ ਕੋਹਲੀ ਦੁਆਰਾ ਕੀਤਾ ਗਿਆ। ਇਸ ਮੌਕੇ 'ਤੇ ਗੁਰਦਵਾਰਾ ਸਾਹਿਬ ਦੇ ਪ੍ਰਧਾਨ ਸਰਦਾਰ ਹਰਮਨਜੀਤ ਸਿੰਘ, ਸਕੱਤਰ ਮਨਜੀਤ ਸਿੰਘ ਖੰਨਾ, ਸੁਪਰ ਸਪੈਸ਼ਿਲਸਟ ਕਲੀਨਿਕ ਦੇ ਚੇਅਰਮੈਨ ਅਜੀਤ ਸਿੰਘ ਮੋਂਗਾ, ਬਲਦੀਪ ਸਿੰਘ ਰਾਜਾ, ਪ੍ਰੀਤਪ੍ਰਤਾਪ ਸਿੰਘ, ਹਰਜੀਤ ਸਿੰਘ ਰਾਜਾ ਬਖ਼ਸ਼ੀ, ਹਰਨੀਕ ਸਿੰਘ ਆਦਿ ਮੌਜੂਦ ਸਨ। ਗੁਰਦਵਾਰਾ ਸਾਹਿਬ ਦੇ ਹੈਡ ਗ੍ਰੰਥੀ ਸਾਹਿਬ ਵਲੋਂ ਅਰਦਾਸ ਕਰਨ ਦੇ ਬਾਅਦ ਲਗਾਈ ਗਈ ਮਸ਼ੀਨ ਦਾ ਉਧਘਾਟਨ ਕੀਤਾ ਗਿਆ। ਸ. ਹਰਮਨਜੀਤ ਸਿੰਘ ਨੇ ਦੱਸਿਆ ਕਿ ਇਸ ਮਸ਼ੀਨ ਦੇ ਲਗਣ ਨਾਲ ਹਾਰਟ ਨਾਲ ਜੁੜੀਆਂ ਬਿਮਾਰੀਆਂ ਲਈ ਇੱਕੋ, ਸਟਰੈੱਸ ਇੱਕੋ, ਟੀਐਮਟੀ, ਹੋਟਲਰ ਟੈਸਟ, ਟਵੈਲਵ ਚੈਨਲ ਈਸੀਜੀ ਆਦਿ ਦੇ ਟੈਸਟ ਬਾਜ਼ਾਰ ਦੇ ਮੁਕਾਬਲੇ ਕਾਫੀ ਘੱਟ ਰੇਟ 'ਤੇ ਕਰਵਾਏ ਜਾਣਗੇ। ਇਸ ਤੋਂ ਪਹਿਲਾਂ ਡਾਇਲੇਸਿਸ ਸੈਂਟਰ, ਕੀਮੋ ਥੈਰੇਪੀ, ਮੈਮੋਗ੍ਰਾਫੀ, ਡੈਂਟਲ, ਮੋਤਿਆਬਿੰਦ ਸਮੇਤ ਕਈ ਬਿਮਾਰੀਆਂ ਦੇ ਟੈਸਟ ਇੱਥੇ ਕੀਤੇ ਜਾਂਦੇ ਹਨ। ਉਨ੍ਹਾਂ ਦਸਿਆ ਕਿ ਗੁਰਦੁਆਰਾ ਸਾਹਿਬ ਵਿਖ਼ੇ ਗੁਰੂਨਾਨਕ ਦੇਵ ਜੀ ਦੇ ਨਾਮ ਨਾਲ ਦਵਾਈਆਂ ਦਾ ਮੋਦੀਖ਼ਾਨਾ ਵੀ ਚਲਾਇਆ ਜਾ ਰਿਹਾ ਹੈ ਜਿਸ ਵਿੱਚ ਬਹੁਤ ਹੀ ਘੱਟ ਰੇਟ 'ਤੇ ਦਵਾਈਆਂ ਉਪਲਬਧ ਕਰਵਾਈਆਂ ਜਾਂਦੀਆਂ ਹਨ ਅਤੇ ਜ਼ਰੂਰਤਮੰਦਾਂ ਲਈ ਇਹ ਸੇਵਾ ਮੁਫਤ ਪ੍ਰਦਾਨ ਕੀਤੀ ਜਾਂਦੀ ਹੈ। ਸ. ਐਸ ਐਸ ਕੋਹਲੀ ਨੇ ਸ. ਹਰਮਨਜੀਤ ਸਿੰਘ ਅਤੇ ਉਨ੍ਹਾਂ ਦੀ ਪੂਰੀ ਟੀਮ ਦਾ ਮਨੁੱਖਤਾ ਦੀ ਸੱਚੀ ਸੇਵਾ ਕਰਨ ਲਈ ਧੰਨਵਾਦ ਕੀਤਾ ਅਤੇ ਗੁਰੂ ਮਹਾਰਾਜ ਤੋਂ ਅਰਦਾਸ ਕੀਤੀ ਕਿ ਪ੍ਰਮਾਤਮਾ ਇਸ ਟੀਮ ਨੂੰ ਸ਼ਕਤੀ ਦੇਵੇ ਤਾਂ ਜੋ ਅੱਗੇ ਵੀ ਇਸ ਤਰ੍ਹਾਂ ਦੀਆਂ ਸੇਵਾਵਾਂ ਜਾਰੀ ਰੱਖੀਆਂ ਜਾ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

### ਜਨ ਕਲਿਯਾਨ ਸੰਗਠਨ ਵੱਲੋਂ ਗਰੀਬਾ ਦੇ ਲਈ

# ਕਰਵਾਇਆ ਲਾਭਕਾਰੀ ਯੋਜਨਾਵਾਂ" ਜਾਗਰੂਕਤਾ ਪ੍ਰੋਗਰਾਮ



**ਚੌਕ ਮਹਿਤਾ, 2 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗਰੀਬੀ ਰੇਖਾ ਦੇ ਥੱਲੇ ਜੀਵਨ ਜੀਅ ਰਹੇ ਗਰੀਬਾਂ ਦੇ ਲਈ ਸਰਕਾਰੀ ਲਾਭਕਾਰੀ ਯੋਜਨਾਵਾਂ ਦੀ ਜਾਣਕਾਰੀ ਲਈ ਫ੍ਰੀ ਪਰਿਵਾਰ ਪਰਾਮਰਸ਼ ਕੇਂਦਰ (1968 ਤੋਂ ਸੰਚਾਲਿਤ) ਅਤੇ ਜਨ ਕਲਿਯਾਨ ਸੰਗਠਨ ਵੱਲੋਂ ਜਾਗਰੂਕਤਾ ਪ੍ਰੋਗਰਾਮ ਦੋਨਾ ਸੰਸਥਾਵਾਂ ਦੀ ਸੰਸਥਾਪਕ ਡਾ. ਸਵਰਾਜ ਗਰੋਵਰ ਦੀ ਅਗਵਾਈ ਹੇਠ ਕਰਵਾਇਆ ਗਿਆ। ਜਿਸ ਵਿੱਚ ਸੁਰਜੀਤ ਕੌਰ ਮੁੱਖ ਮਹਿਮਾਨ ਅਤੇ ਅਰਵਿੰਦਰ ਢਿੱਲੋਂ ਵਿਸ਼ੇਸ਼ ਮਹਿਮਾਨ ਸਨ। ਡਾ. ਸਵਰਾਜ ਗਰੋਵਰ ਨੇ ਕਿਹਾ ਕਿ "ਸ਼ਗੁਨ ਸਕੀਮ" ਧੀਆਂ ਦੇ ਲਈ ਵਰਦਾਨ ਹੈ। ਜਿਸ ਵਿੱਚ ਸਰਕਾਰ 21,000/- ਰੁਪਏ ਵਿਆਹ ਲਈ ਦਿੰਦੀ ਹੈ। 'ਆਯੂਸ਼ਮਾਨ ਭਾਰਤ ਯੋਜਨਾ" ਜੀਵਨ ਰੱਖਿਆ ਕਵਚ ਹੈ। ਜਿਸ ਵਿੱਚ ਖਤਰਨਾਕ ਬਿਮਾਰੀ ਦੇ ਹਰ ਸਾਲ 5 ਲਖ ਰੁਪਏ ਸਰਕਾਰ ਇਲਾਜ ਲਈ ਦਿੰਦੀ ਹੈ। "ਮਜਦੂਰ ਕਲਿਯਾਨ ਯੋਜਨਾ" ਮਜਦੂਰਾਂ ਦੇ ਲਈ ਕੀਮਤੀ ਤੋਫਾ ਹੈ। ਡਾ. ਸਵਰਾਜ ਗਰੋਵਰ ਨੇ ਸੁਕਨਿਆਂ ਸਮ੍ਰਿਧੀ ਯੋਜਨਾ, ਪੀ.ਐਮ. ਰੋਜਗਾਰ ਪ੍ਰੋਤਸਾਹਨ ਯੋਜਨਾ, ਕਨਿਯਾ ਉੱਤਥਾਨ ਯੋਜਨਾ, ਬੇਟੀ ਬਚਾਓ-ਬੇਟੀ ਪੜਾਓ ਯੋਜਨਾ, ਅਟਲ ਪੈਂਸ਼ਨ ਯੋਜਨਾ, ਸਖੀ ਵਨ ਸੱਟਪ ਯੋਜਨਾ ਅਤੇ ਹੋਰ ਯੋਜਨਾਵਾਂ ਦੇ ਬਾਰੇ ਦੱਸਿਆ। ਸੁਰਜੀਤ ਕੌਰ ਨੇ ਕਿਹਾ ਕਿ ਅਸੀ ਗਰੀਬਾਂ ਨੂੰ ਇਹਨਾਂ ਯੋਜਨਾਵਾਂ ਦਾ ਲਾਭ ਦਿਵਾਉਣ ਲਈ ਹਮੇਸ਼ਾ ਅਗੇ ਰਵਾਂਗੇ। ਅਰਵਿੰਦਰ ਢਿੱਲੋ ਨੇ ਕਿਹਾ ਕਿ ਇਸ ਕਲਿਯਾਨਕਾਰੀ ਯੋਜਨਾਵਾਂ ਦਾ ਪ੍ਰਚਾਰ-ਪ੍ਰਸਾਰ ਕੀਤਾ ਜਾਵੇਗਾ ਤਾਂਕਿ ਲੋੜਮੰਦ ਲੋਕਾ ਨੂੰ ਇਸ ਦਾ ਲਾਭ ਮਿਲ ਸਕੇ। ਸਤਵਿੰਦਰ ਕੌਰ, ਗੀਤਾ ਨਰੂਲਾ, ਦਵਿੰਦਰ ਕੌਰ, ਕੁਲਵੰਤ ਕੌਰ, ਬਲਜੀਤ ਕੌਰ, ਪਰਵੀਨ ਬੱਤਰਾ, ਰਜਿੰਦਰ ਕੌਰ, ਪਰਮਿੰਦਰ ਕੌਰ, ਜਸਵਿੰਦਰ ਕੌਰ, ਰੋਜੀ, ਮੰਨੁ, ਸਿਮਰ ਅਤੇ ਰਾਧਾ ਨੇ ਵੀ ਨਵੇਂ ਸਾਲ ਤੇ ਸੰਕਲਪ ਲਿਆ ਕਿ ਇਹਨਾਂ ਲਾਭਕਾਰੀ ਯੋਜਨਾਵਾਂ ਦਾ ਲਾਭ ਅਸੀ ਗਰੀਬਾਂ ਨੂੰ ਦਿਵਾਉਣ ਲਈ ਤਿਆਰ ਰਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਣ ਧੀਆਂ 'ਤੇ ਸੰਸਥਾ ਵੱਲੋਂ ਸਾਲਾਨਾ ਗਤੀਵਿਧੀਆਂ ਦਾ ਕੈਲੰਡਰ ਜਾਰੀ



**ਚੌਕ ਮਹਿਤਾ, 2 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜ਼ਿਲ੍ਹੇ ਦੇ ਸਕੂਲ ਮੁੱਖੀਆਂ, ਸਮਾਜ ਸੇਵੀਆ, ਖੇਡ ਪ੍ਰੇਮੀਆਂ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇਕ ਮੰਚ 'ਤੇ ਖੜ੍ਹੇ ਕਰ ਕੇ ਭਰੂਣ ਹੱਤਿਆ ਖ਼ਿਲਾਫ਼ ਹਾਅ ਦਾ ਨਾਅਰਾ ਮਾਰਣ ਵਾਲੀ ਅਤੇ ਸਮਾਜ ਸੇਵਾ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਇੰਡੀਆ ਬੁੱਕ ਵਿਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ ਕਈ ਕੌਮੀ, ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਪੰਜਾਬ ਦੀ ਨਾਮਵਰ ਸਮਾਜ ਸੇਵੀ ਸੰਸਥਾ "ਮਾਣ ਧੀਆਂ 'ਤੇ" ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਵੱਲੋਂ ਅੱਜ ਸੋਸਾਇਟੀ ਦੇ ਮੁੱਖ ਸਰਪ੍ਰਸਤ ਰਾਜੇਸ਼ ਕੁਮਾਰ ਸ਼ਰਮਾ (ਐੱਸਡੀਐਮ) ਅਤੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਸਮਾਜ ਸੇਵਕ ਅਤੇ ਖੇਡ ਪ੍ਰੋਮੋਟਰ) ਇੰਡੀਆ ਬੁੱਕ ਰਿਕਾਰਡ ਹੋਲਡਰ ਦੀ ਅਗਵਾਈ ਵਿਚ ਸਾਲਾਨਾ ਗਤੀਵਿਧੀਆਂ ਦਾ ਕੈਲੰਡਰ ਜਾਰੀ ਕੀਤਾ ਗਿਆ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਕਿਹਾ 13 ਜਨਵਰੀ ਨੂੰ ਲੋਹੜੀ ਦੇ ਤਿਉਹਾਰ ਮੌਕੇ "ਲਿਟਲ ਪੰਜਾਬਣ ਮੁਕਾਬਲਾ" 24 ਜਨਵਰੀ ਕੌਮੀ ਬਾਲੜੀ ਦਿਵਸ ਮੌਕੇ ਲੜਕੀਆਂ ਦਾ ਰੱਸਾ-ਕੱਸੀ ਮੁਕਾਬਲਾ, 8 ਮਾਰਚ ਕੌਮਾਂਤਰੀ ਮਹਿਲਾ ਦਿਵਸ ਮੌਕੇ ਰਾਜ-ਪੱਧਰੀ ਸਨਮਾਨ ਸਮਾਰੋਹ, 4 ਮਈ ਮਾਂ ਦਿਵਸ ਮੌਕੇ ਭਾਸ਼ਣ ਮੁਕਾਬਲਾ, 5 ਜੂਨ ਵਿਸ਼ਵ ਵਾਤਾਵਰਣ ਦਿਵਸ ਮੌਕੇ ਰੁੱਖ ਲਗਾਓ ਮੁਹਿੰਮ, 29 ਅਗਸਤ ਰਾਸ਼ਟਰੀ ਖੇਡ ਦਿਵਸ ਮੌਕੇ ਸਨਮਾਨ ਸਮਾਰੋਹ 'ਚ ਕੌਮਾਂਤਰੀ ਅਤੇ ਕੌਮੀ ਖਿਡਾਰੀਆਂ ਦਾ ਸਨਮਾਨ, 5 ਸਤੰਬਰ ਅਧਿਆਪਕ ਦਿਵਸ ਮੌਕੇ ਸਨਮਾਨ ਸਮਾਰੋਹ, ਅਕਤੂਬਰ ਮਹੀਨੇ ਵਿੱਚ 17ਵੀਂ ਇੰਟਰ-ਸਕੂਲ ਐਥਲੇਟਿਕਸ ਮੀਟ, 23 ਦਸੰਬਰ ਤੀਸਰਾ ਵੀਰ ਬਾਲ ਦਿਵਸ ਖੇਡ ਮੇਲਾ, ਨਵੰਬਰ ਵਿੱਚ ਦਸਵੀ ਅਤੇ ਬਾਹਰਵੀਂ ਕਲਾਸ ਦੇ ਸਾਲਾਨਾ ਨਤੀਜੇ ਵਿੱਚੋ ਪੰਜਾਬ ਮੈਰਿਟ ਹੋਲਡਰ ਲੜਕੀਆਂ ਨੂੰ ਮਾਣ ਧੀਆਂ 'ਤੇ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ 9 ਆਖਿਰ ਵਿੱਚ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਸਮਾਜ ਸੇਵਕ ਅਤੇ ਖੇਡ ਪ੍ਰੋਮੋਟਰ) ਨੇ ਕਿਹਾ ਕਿ ਨਵਾਂ ਵਰ੍ਹਾ ਸਾਡੀਆਂ ਬਰੂਹਾਂ 'ਤੇ ਦਸਤਕ ਦੇ ਚੁੱਕਾ ਹੈ ਪਰ ਸਾਡਾ ਭਾਰਤੀ ਸਮਾਜ ਅਜੇ ਵੀ ਸਮਾਜਿਕ ਬੁਰਾਈਆਂ ਤੇ ਕੁਰੀਤੀਆਂ 'ਚ ਜਕੜਿਆ ਹੈ। ਭਰੂਣ ਹੱਤਿਆ, ਨਸ਼ੇ ਤੇ ਦਾਜ ਵਰਗੀਆਂ ਭੈੜੀਆਂ ਅਲਾਮਤਾਂ ਨੇ ਸਮਾਜ ਦੀਆਂ ਜੜ੍ਹਾਂ ਖੋਖਲੀਆਂ ਕਰ ਦਿੱਤੀਆਂ ਹਨ। ਹਰ ਸਾਲ ਵਾਂਗ ਸਾਡੀ ਸੰਸਥਾ ਇਸ ਨਵੇਂ ਵਰ੍ਹੇ ਵਿੱਚ ਵੀ ਸਮਾਜਿਕ ਬੁਰਾਈਆਂ ਖਿਲਾਫ਼ ਲੜਦੀ ਰਹੇਗੀ ਅਤੇ ਨੌਜਵਾਨ ਪੀੜੀ ਨੂੰ ਨਸ਼ਿਆਂ ਵਰਗੀ ਭੈੜੀ ਅਲਾਮਤ ਤੋਂ ਬਚਾਉਣ ਲਈ ਯਤਨ ਕਰਦਾ ਰਹੇਗਾ। ਪੂਰਾ ਸਾਲ ਚੱਲਣ ਵਾਲੀਆਂ ਗਤੀਵਿਧੀਆ ਵਿੱਚ ਮੁੱਖ ਸਰਪ੍ਰਸਤ ਰਾਜੇਸ਼ ਸ਼ਰਮਾ (ਐਸਡੀਐਮ) ਚੇਅਰਮੈਨ ਹਰਦੇਸ਼ ਸ਼ਰਮਾ, ਵਾਇਸ ਚੇਅਰਮੈਨ ਮਖਤੂਲ ਸਿੰਘ ਔਲਖ, ਵਾਇਸ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ (ਯੂਕੇ), ਸੀਨੀਅਰ ਮੀਤ ਪ੍ਰਧਾਨ ਨਿਰਵੈਰ ਸਿੰਘ ਸਰਕਾਰੀਆ, ਮੀਤ ਪ੍ਰਧਾਨ ਜੀਤ ਸਲੂਜਾ, ਮੀਤ ਪ੍ਰਧਾਨ ਐਡਵੋਕੇਟ ਅਜੈ ਕੁਮਾਰ ਵਰਮਾਨੀ, ਡਾਇਰੈਕਟਰ ਮੰਗਲ ਸਿੰਘ ਕਿਸ਼ਨਪੁਰੀ, ਨਿਰਵੈਰ ਸਿੰਘ, ਪ੍ਰਿੰ. ਰਾਜੇਸ਼ ਪ੍ਰਭਾਕਰ, ਸ. ਗੁਰਦੇਵ ਸਿੰਘ ਮਾਹਲ, ਸ਼੍ਰੀਮਤੀ ਕੰਵਲਜੀਤ ਕੌਰ ਟੀਨਾ, ਸੀਮਾ ਚੋਪੜਾ, ਨਰਿੰਦਰ ਕੌਰ, ਕਰਮਜੀਤ ਕੌਰ ਜੱਸਲ ਦਾ ਵਿਸ਼ੇਸ ਸਹਿਯੋਗ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਖੱਬੇਰਾਜਪੂਤਾਂ ਵਿਖੇ ਫੁੱਲਾਂ ਦੀ ਵਰਖਾ ਨਾਲ

# ਨਗਰ ਕੀਰਤਨ ਦਾ ਨਿੱਘਾ ਸਵਾਗਤ



**ਚੌਂਕ ਮਹਿਤਾ, 2 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੀ ਰਹਿਨੁਮਾਈ ਹੇਠ ਟਕਸਾਲ ਦੇ ਹੈਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਤੋਂ ਸਜਾਏ ਗਏ ਮਹਾਨ ਨਗਰ ਕੀਰਤਨ ਦਾ ਪਿੰਡ ਖੱਬੇਰਾਜਪੂਤਾਂ ਵਿਖੇ ਪਹੁੰਚਣ ਤੇ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਸਾਬਕਾ ਸਰਪੰਚ ਮਨਦੀਪ ਸਿੰਘ ਸੋਨਾ ਤੇ ਸੰਤੋਖ ਸਿੰਘ ਯੂ.ਐੱਸ.ਏ., ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਗੁਰਦਿਆਲ ਸਿੰਘ ਬੱਲ, ਹਰਦੇਵ ਸਿੰਘ, ਗੁਰਅੰਮ੍ਰਿਤਪਾਲ ਸਿੰਘ, ਹਰਪਾਲ ਸਿੰਘ ਨੇ ਸਤਿਕਾਰ ਵੱਜੋ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਲਈ ਰੁਮਾਲਾ ਸਾਹਿਬ ਅਤੇ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕੀਤਾ। ਨਗਰ ਦੀ ਸੰਗਤ ਨੇ ਪੂਰਨ ਸ਼ਰਧਾ ਨਾਲ ਦਰਸ਼ਨ ਦੀਦਾਰੇ ਕੀਤੇ ਅਤੇ ਸੰਗਤ ਦੇ ਛਕਣ ਲਈ ਲੰਗਰ ਲਗਾਏ। ਇਥੇ ਮੌਜੂਦ ਜਥੇ. ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਜਤਿੰਦਰ ਸਿੰਘ ਯੂ.ਐੱਸ.ਏ. ਬੁਲਾਰਾ ਦਮਦਮੀ ਟਕਸਾਲ, ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾਦਲ, ਜਥੇ. ਬਾਬਾ ਬੋਹੜ ਸਿੰਘ, ਹਰਸ਼ਦੀਪ ਸਿੰਘ ਰੰਧਾਵਾ ਤੇ ਡਾ.ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਨੇ ਦੱਸਿਆ ਕਿ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਨਗਰ ਕੀਰਤਨ ਹਰ ਸਾਲ ਦਮਦਮੀ ਟਕਸਾਲ ਦੀ ਅਗਵਾਈ ਦੇ ਵਿਚ ਸਜਾਇਆ ਜਾਂਦਾ ਹੈ। ਇਸ ਮੌਕੇ ਸਰਪੰਚ ਕਸ਼ਮੀਰ ਸਿੰਘ ਕਾਲਾ, ਪ੍ਰਧਾਨ ਜੁਗਰਾਜ ਸਿਘ ਜੋਗਾ, ਬਲਵਿੰਦਰ ਸਿੰਘ ਪ੍ਰਧਾਨ, ਕੁਲਵਿੰਦਰ ਸਿੰਘ ਕੇ. ਵੀ., ਸਰਪੰਚ ਬੀਬੀ ਪਰਮਜੀਤ ਕੌਰ, ਹਰਜੀਤ ਸਿੰਘ ਮਹਿਤੀਆ ਪੰਚ, ਮਾ. ਅਮਰਜੀਤ ਸਿੰਘ, ਬਾਪੂ ਸ਼ਿੰਗਾਰਾ ਸਿੰਘ, ਅਮਰੀਕ ਸਿੰਘ ਮਹਿਤੀਆ, ਹਰਦੀਪ ਸਿੰਘ ਲੰਗਰ ਕਮੇਟੀ, ਸਾਹਿਬ ਸਿੰਘ ਫੌਜੀ ਤੇ ਭੁਪਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਿਆ ਰਾਮ ਵੈਲਫੇਅਰ ਸੁਸਾਇਟੀ ਨੇ ਮਿੱਠੇ ਚਾਵਲਾਂ ਦਾ ਲਾਇਆ ਲੰਗਰ ਤੇ

# ਜ਼ਰੂਰਤਮੰਦ ਪਰਿਵਾਰਾਂ ਨੂੰ ਵੰਡੇ ਗਰਮ ਕੱਪੜ ਤੇ ਗਰਮ ਲੋਈਆਂ







**ਫ਼ਿਰੋਜ਼ਪੁਰ, 2 ਜਨਵਰੀ (ਮਨੋਹਰ ਲਾਲ) :**— ਸਿਆ ਰਾਮ ਵੈਲਫੇਅਰ ਸੁਸਾਇਟੀ ਨੇ ਮਿੱਠੇ ਚਾਲਵਾਂ ਦਾ ਲੰਗਰ ਲਾਇਆ ਜ਼ੋ ਭਾਰਤ ਨਗਰ ਖਾਈ ਬਜ਼ਾਰ ਵਿਖੇ ਸਰਦੀ ਨੂੰ ਧਿਆਨ ਵਿਚ ਰੱਖਦੇ ਹੋਏ ਟੈਂਟ ਲਗਾ ਕੇ ਲਗਾਇਆ ਗਿਆ ਅਤੇ ਜ਼ਰੂਰਤਮੰਦ ਪਰਿਵਾਰਾਂ ਨੂੰ ਗਰਮ ਕੱਪੜੇ ਅਤੇ ਲੋਈਆਂ ਵੰਡੀਆਂ ਗਈਆਂ। ਇਸ ਮੌਕੇ ਤੇ ਮੁੱਖ ਮਹਿਮਾਨ ਜੇ.ਐਸ ਸੋਢੀ ਵਕੀਲ ਅਤੇ ਧਰਮਪਾਲ ਬਾਂਸਲ ਮੁੱਖ ਮਹਿਮਾਨ ਹਾਜ਼ਰ ਹੋਏ। ਇਸ ਮੌਕੇ ਤੇ ਸਿਆ ਰਾਮ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਜਗਦੀਸ਼ ਬਜਾਜ ਨੇ ਕਿਹਾ ਕਿ ਸਿਆ ਰਾਮ ਵੈਲਫੇਅਰ ਸੁਸਾਇਟੀ ਜ਼ੋ ਕਿ 8 ਸਾਲਾਂ ਤੋਂ ਗਰੀਬ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡ ਰਹੀ ਹੈ, ਇਸ ਤੋਂ ਇਲਾਵਾ ਜ਼ਰੂਰਤਮੰਦ ਪਰਿਵਾਰਾਂ ਨੂੰ ਹਰ ਤਰ੍ਹਾਂ ਦੀ ਮੱਦਦ ਕਰਦੀ ਹੈ ਅਤੇ ਕਰਦੀ ਰਹੇਗੀ। ਇਸ ਮੌਕੇ ਤੇ ਜੇ.ਐਸ ਸੋਢੀ ਵਕੀਲ ਨੇ ਬੋਲਲਦਿਆਂ ਕਿਹਾ ਕਿ ਸਾਨੂੰ ਜਿਨ੍ਹਾਂ ਵੀ ਹੋ ਸਕਦਾ ਹੈ, ਮਨੁੱਖਤਾ ਦੀ ਸੇਵਾ ਕਰਨੀ ਚਾਹੀਦੀ ਹੈ ਅਤੇ ਹਮੇਸ਼ਾ ਲੋੜਵੰਦਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਸ੍ਰੀ ਕੈਲਾਸ਼ ਸ਼ਰਮਾ ਨੇ ਬੋਲਦਿਆਂ ਕਿਹਾ ਕਿ ਸਿਆ ਰਾਮ ਵੈਲਫੇਅਰ ਸੁਸਾਇਟੀ ਜ਼ੋ ਕਿ ਹਰ ਮਹੀਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡ ਰਹੀ ਹੈ ਅਤੇ ਇਹ ਕਾਰਜ ਪਿਛਲੇ 8 ਸਾਲਾਂ ਤੋਂ ਕਰਦੀ ਆ ਰਹੀ ਹੈ। ਸ੍ਰੀ ਕੈਲਾਸ਼ ਸ਼ਰਮਾ ਨੇ ਅੱਗੇ ਕਿਹਾ ਕਿ ਅਸੀਂ ਕਿਸੇ ਕੋਲੋਂ ਕੋਈ ਮੱਦਦ ਨਹੀਂ ਲੈਂਦੇ, ਸਾਡੇ ਆਪਣੇ ਹੀ ਮੈਂਬਰ ਆਪਣੀ ਦਸਾ ਨੂੰਹਾਂ ਦੀ ਕਮਾਈ ਵਿਚੋਂ ਦਸਵੰਧ ਕੱਢ ਕੇ ਇਨ੍ਹਾਂ ਜ਼ਰੂਰਤਮੰਦ ਪਰਿਵਾਰਾਂ ਦੀ ਮੱਦਦ ਕਰਦੇ ਹਨ। ਇਸ ਮੌਕੇ ਤੇ ਉੱਘੇ ਸਮਾਜ ਸੇਵਕ ਜੇ.ਐਸ. ਸੋਢੀ ਵਕੀਲ, ਜਗਦੀਸ਼ ਕੱਕੜ ਵਕੀਲ, ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ, ਧਰਮਪਾਲ ਬਾਂਸਲ, ਉੱਘੇ ਸਮਾਜ ਸੇਵਕ ਉਮ ਪ੍ਰਕਾਸ਼ ਕਟਾਰੀਆ, ਉੱਘੇ ਸਮਾਜ ਸੇਵਕ ਵਿਨੋਦ ਨਰੂਲਾ, ਬਲਵਿੰਦਰ ਪਾਲ ਸ਼ਰਮਾ, ਕੈਲਾਸ਼ ਸ਼ਰਮਾ, ਕਾਕਾ ਸ਼ਰਮਾ, ਕ੍ਰਿਸ਼ਨ ਕੁਮਾਰ ਬਿੱਲਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ 40ਵੇ ਕਬੱਡੀ ਟੂਰਨਾਮੈਂਟ ਮੌਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ

### ਗਿੱਦੜਿਆਣੀ ਵਿਖੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਯਾਦ ਨੂੰ ਸਮਰਪਿਤ ਕਬੱਡੀ ਟੂਰਨਾਮੈਂਟ ਵਿੱਚ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ



**ਲਹਿਰਾਗਾਗਾ, (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਲਹਿਰਾ ਸਬ ਡਵੀਜ਼ਨ ਦੇ ਪਿੰਡ ਗਿੱਦੜਿਆਣੀ ਵਿਖੇ ਆਯੋਜਿਤ 40ਵੇਂ ਕਬੱਡੀ ਟੂਰਨਾਮੈਂਟ ਵਿੱਚ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕਰਦਿਆਂ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ। ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਯਾਦ ਨੂੰ ਸਮਰਪਿਤ ਇਸ ਖੇਡ ਸਮਾਰੋਹ ਮੌਕੇ ਪਿੰਡ ਦੇ ਸਰਪੰਚ ਗੁਰਜੀਤ ਸਿੰਘ ਅਤੇ ਹੋਰ ਕਲੱਬ ਮੈਂਬਰਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੰਤਾਂ ਦੀ ਯਾਦ ਵਿੱਚ ਹਰ ਸਾਲ ਆਯੋਜਿਤ ਕੀਤੇ ਜਾਂਦੇ ਇਸ ਸਮਾਗਮ ਸਦਕਾ ਵੱਡੀ ਗਿਣਤੀ ਵਿੱਚ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਦਾ ਪ੍ਰਗਟਾਵਾ ਕਰਨ ਦਾ ਸੁਨਹਿਰਾ ਮੌਕਾ ਮਿਲਦਾ ਹੈ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੰਤ ਬਾਬਾ ਹਰਚੰਦ ਸਿੰਘ ਸਪੋਰਟਸ ਕਲੱਬ ਵੱਲੋਂ ਆਯੋਜਿਤ ਇਸ ਤਿੰਨ ਰੋਜ਼ਾ ਕਬੱਡੀ ਟੂਰਨਾਮੈਂਟ ਦੌਰਾਨ 100 ਤੋਂ ਵੀ ਵਧੇਰੇ ਟੀਮਾਂ ਵੱਲੋਂ ਦਿਲਚਸਪ ਖੇਡ ਮੁਕਾਬਲਿਆਂ ਰਾਹੀਂ ਆਪਣੇ ਅਭਿਆਸ ਅਤੇ ਮਿਹਨਤ ਦਾ ਪ੍ਰਗਟਾਵਾ ਕੀਤਾ ਗਿਆ ਹੈ ਜਿਸ ਨਾਲ ਖੇਡ ਸੱਭਿਆਚਾਰ ਪ੍ਰਫੁਲਿਤ ਕਰਨ ਦੇ ਉਦੇਸ਼ ਨੂੰ ਮਜਬੂਤੀ ਮਿਲੀ ਹੈ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਬੱਡੀ ਖਿਡਾਰੀਆਂ ਨਾਲ ਜਾਣ ਪਛਾਣ ਕੀਤੀ ਅਤੇ ਉਹਨਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਮਾਗਮ ਦੇ ਪ੍ਰਬੰਧਕਾਂ ਵੱਲੋਂ ਕੈਬਨਿਟ ਮੰਤਰੀ ਸਮੇਤ ਹੋਰਨਾਂ ਸ਼ਖਸ਼ੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਕਲੱਬ ਪ੍ਰਧਾਨ ਮਨਦੀਪ ਸਿੰਘ, ਮੀਤ ਪ੍ਰਧਾਨ ਪ੍ਰੀਤ ਭੰਗੂ, ਖਜਾਨਚੀ ਜੋਰਾ ਸਿੰਘ, ਮੱਖਣ ਝਿੰਜਰ, ਸ਼ਮਸੇਰ ਸਿੰਘ ਫੋਜੀ, ਅਮਰੀਕ ਗਿੱਲ, ਗੁਰਦੀਪ, ਸਤਨਾਮ ਸਿੰਘ ਫੌਜੀ ਸਮੇਤ ਹੋਰ ਕਈ ਆਗੂ ਤੇ ਪਤਵੰਤੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਉਦੋਨੰਗਲ ਵਿਖੇ ਨਗਰ ਕੀਰਤਨ ਦਾ ਨਿੱਘਾ ਸਵਾਗਤ



**ਚੌਂਕ ਮਹਿਤਾ, 2 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦੀ ਰਹਿਨੁਮਾਈ ਹੇਠ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਦਮਦਮੀ ਟਕਸਾਲ ਤੋਂ ਸਜਾਏ ਗਏ ਮਹਾਨ ਨਗਰ ਕੀਰਤਨ ਦਾ ਪਿੰਡ ਉਦੋਨੰਗਲ ਵਿਖੇ ਪਹੁੰਚਣ ਤੇ ਪਾਲਕੀ ਸਾਹਿਬ ਲਈ ਰੁਮਾਲਾ ਸਾਹਿਬ ਭੇਟ ਕਰਕੇ ਸਵਾਗਤ ਕਰਨ ਮੌਕੇ ਜਥੇ. ਬਾਬਾ ਬੋਹੜ ਸਿੰਘ, ਭਾਈ ਜਤਿੰਦਰ ਸਿੰਘ ਯੂ.ਐੱਸ.ਏ. ਮੁੱਖ ਬੁਲਾਰਾ, ਜਥੇ. ਰਾਜਬੀਰ ਸਿੰਘ ਉਦੋਨੰਗਲ, ਸਾਬਕਾ ਸਰਪੰਚ ਰਜਿੰਦਰ ਸਿੰਘ ਉਦੋਨੰਗਲ, ਸਰਪੰਚ ਗੁਰਮੇਜ ਸਿੰਘ ਉਦੋਨੰਗਲ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਜਥੇ. ਅਮਰਜੀਤ ਸਿੰਘ ਭੋਲਾ, ਸਰਪੰਚ ਕਸ਼ਮੀਰ ਸਿੰਘ ਕਾਲਾ, 'ਆਪ' ਆਗੂ ਬਲਜੀਤ ਸਿੰਘ ਚਾਹਲ, ਗਿਆਨੀ ਸੁਰਜੀਤ ਸਿੰਘ, ਗੁਰਮੁੱਖ ਸਿੰਘ ਸ਼ਾਹਬਾ, ਹਰਗੋਪਾਲ ਸਿੰਘ ਰੰਧਾਵਾ, ਭਾਈ ਪ੍ਰਕਾਸ਼ ਸਿੰਘ ਤੇ ਪ੍ਰਧਾਨ ਭੁਪਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ 4 ਜਨਵਰੀ ਨੂੰ—ਕੁਲਦੀਪ ਸਿੰਘ ਨੰਢਾ



**ਫ਼ਿਰੋਜ਼ਪੁਰ, 2 ਜਨਵਰੀ (ਮਨੋਹਰ ਲਾਲ) :**—ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਗੁਰਦੁਆਰਾ ਅਕਾਲਗੜ੍ਹ ਸਾਹਿਬ ਫਿਰੋਜਪੁਰ ਸ਼ਹਿਰ ਵਿਖੇ ਸੰਪੂਰਨ ਸ਼ਰਧਾ ਸਹਿਤ ਮਨਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਸਟੇਜ ਸਕੱਤਰ ਭਾਈ ਕੁਲਦੀਪ ਸਿੰਘ ਨੰਢਾ ਨੇ ਦੱਸਿਆ ਕਿ 4 ਜਨਵਰੀ ਦਿਨ ਸ਼ਨੀਵਾਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਏ ਜਾਣਗੇ, ਜੋ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਬਾਂਸੀ ਗੇਟ, ਆਰੀਆ ਸਮਾਜ ਚੌਂਕ ਰਾਹੀਂ ਮੇਨ ਬਜਾਰ ਚੋਂ ਹੁੰਦੇ ਹੋਏ ਸ਼ਹੀਦ ਊਧਮ ਸਿੰਘ ਚੌਂਕ ਤੋਂ ਵਾਪਸ ਹੋ ਕੇ ਰਾਮਗੜ੍ਹੀਆ ਗੇਟ ਰਾਹੀਂ ਵਾਇਆ ਮਖ਼ੂ ਗੇਟ, ਬਾਂਸੀ ਗੇਟ, ਕੰਬੋਜ ਨਗਰ ਤੇ ਅਲੀ ਕੇ ਰੋਡ ਰਾਹੀਂ ਵਾਪਸ ਗੁਰਦੁਆਰਾ ਸਾਹਿਬ ਪਰਤਣਗੇ। ਉਨ੍ਹਾਂ ਦੱਸਿਆ ਕਿ ਨਗਰ ਕੀਰਤਨ ਦੌਰਾਨ ਸ਼ਬਦੀ ਜਥੇ, ਗਤਕਾ ਪਾਰਟੀ, ਫੌਜੀ ਪਾਈਪ ਬੈਂਡ ਆਦਿ ਵੀ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ 6 ਜਨਵਰੀ (23 ਪੋਹ) ਸੋਮਵਾਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ। ਇਸ ਦੌਰਾਨ ਰਾਗੀ ਜਥਾ ਭਾਈ ਸਤਵੰਤ ਸਿੰਘ ਗੁਰਦੁਆਰਾ ਸ੍ਰੀ ਅਕਾਲਗੜ੍ਹ ਅਤੇ ਭਾਈ ਆਗਿਆਕਾਰ ਸਿੰਘ ਹਜੂਰੀ ਰਾਗੀ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਮਨੋਹਰ ਕੀਰਤਨ ਕਰਨਗੇ। ਉਪਰੰਤ ਭਾਈ ਨਿਰਮਲ ਸਿੰਘ ਨੂਰ ਦੇ ਜਥੇ ਦੁਆਰਾ ਬੀਰ ਰਸੀ ਵਾਰਾਂ ਰਾਹੀਂ ਸੰਗਤ ਨੂੰ ਨਿਹਾਲ ਕੀਤਾ ਜਾਵੇਗਾ। ਦੁਪਹਿਰ ਦੋ ਵਜੇ ਤੋਂ ਬਾਅਦ ਗੁਰੂ ਕੇ ਲੰਗਰ ਅਤੁੱਟ ਵਰਤਣਗੇ। ਇਸ ਸਮੁੱਚੇ ਸਮਾਗਮ ਨੂੰ ਸਫਲ ਬਨਾਉਣ ਲਈ ਬਲਦੇਵ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਪ੍ਰੀਤਮ ਸਿੰਘ, ਗੁਰਬਖਸ਼ ਸਿੰਘ ਭੋਲਾ, ਅਵਤਾਰ ਸਿੰਘ, ਜਰਨੈਲ ਸਿੰਘ, ਜਸਵੰਤ ਸਿੰਘ ਖਜਾਨਚੀ, ਜਸਵਿੰਦਰ ਸਿੰਘ ਸੁਪਰਡੈਂਟ, ਕੰਵਰਜੀਤ ਸਿੰਘ ਜੈਂਟੀ, ਅਵਤਾਰ ਸਿੰਘ ਬਿਜਲੀ ਬੋਰਡ ਆਦਿ ਪਤਵੰਤੇ ਸੱਜਣ ਨਿਰੰਤਰ ਸਹਿਯੋਗ ਦੇ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV


ਦੇਗ ਤੇਗ ਫਤਿਹ ਪੰਥ ਕੀ ਜੀਤ
ਨਸ਼ੇ ਛੱਡੋ, ਅੰਮ੍ਰਿਤ ਛਕੋ, ਸਿੰਘ ਸਜੋ
ਪੰਥ ਬਚਾਉ, ਪੰਜਾਬ ਬਚਾਉ ਰੈਲੀ
ਪੰਜਾਬ ਦੀ ਨਵੀਂ ਸਿਆਸਤ ਦਾ
ਆਗਾਜ਼
ਪੰਜਾਬ ਦੀ ਖੇਤਰੀ ਪਾਰਟੀ ਦਾ
ਐਲਾਨ
ਮਿਤੀ 14 ਜਨਵਰੀ 2025
ਮੇਲਾ ਮਾਘੀ 'ਤੇ
ਆਵਾਜ਼ਿ ਕੌਮ AWAZE QAUM
International Newspaper & WEB TV

## ਮੇਲਾ ਮਾਘੀ ਮੌਕੇ 14 ਜਨਵਰੀ ਸ੍ਰੀ ਮੁਕਤਸਰ ਸਾਹਿਬ 'ਚ

# 'ਪੰਥਕ ਕਾਨਫਰੰਸ' ਕਰਕੇ ਨਵੀਂ ਸਿਆਸੀ ਪਾਰਟੀ ਦਾ ਹੋਏਗਾ ਐਲਾਨ





ਭਾਈ ਅੰਮ੍ਰਿਤਪਾਲ ਸਿੰਘ ਮੈਂਬਰ ਪਾਰਲੀਮੈਂਟ, ਭਾਈ ਸਰਬਜੀਤ ਸਿੰਘ ਮੈਂਬਰ ਪਾਰਲੀਮੈਂਟ ਦੀ ਅਗਵਾਈ 'ਚ ਚੱਲੇਗੀ ਪਾਰਟੀ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਤੇ ਹੋਰ ਇਲਾਕਾ ਨਿਵਾਸੀਆਂ ਨੇ ਕਾਨਫਰੰਸ ਲਈ ਜਗ੍ਹਾ ਦੀ ਚੋਣ ਕੀਤੀ ਵਿਸਥਾਰ ਸਹਿਤ ਆਓਂਦੇ ਦਿਨੀਂ ਪ੍ਰੈਸ ਕਾਨਫਰੰਸ ਕਰਕੇ ਜਾਣਕਾਰੀ ਦਿੱਤੀ ਜਾਵੇਗੀ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

**ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦਾ ਪ੍ਰਕਾਸ਼ ਉਤਸਵ ਤੇ**

# ਨਗਰ ਕੀਰਤਨ 6 ਜਨਵਰੀ ਤੇ ਦੀਵਾਨ 8 ਜਨਵਰੀ ਨੂੰ—ਸੰਤ ਬਾਬਾ ਭਗਤ ਮਿਲਖਾ ਸਿੰਘ ਜੀ

**ਫ਼ਿਰੋਜ਼ਪੁਰ, 2 ਜਨਵਰੀ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦਸਮ ਪਿਤਾ ਦੁਸ਼ਟ ਦਮਨ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦਾ ਪ੍ਰਕਾਸ਼ ਉਤਸਵ ਤੇ ਨਗਰ ਕੀਰਤਨ 6 ਜਨਵਰੀ ਤੇ ਦੀਵਾਨ 8 ਜਨਵਰੀ ਨੂੰ ਸਜਾਏ ਜਾਣਗੇ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਹਿਬ—ਏ—ਕਮਾਲ ਦਸਮ ਪਿਤਾ ਦੁਸ਼ਟ ਦਮਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਪ੍ਰਕਾਸ਼ ਉਤਸਵ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧ ਵਿਚ ਵਿਸ਼ਾਲ ਨਗਰ ਕੀਰਤਨ 6 ਜਨਵਰੀ (23 ਪੋਹ) ਦਿਨ ਸੋਮਵਾਰ ਨੂੰ ਅਤੇ ਦੀਵਾਨ 8 ਜਨਵਰੀ (25 ਪੋਹ) ਦਿਨ ਬੁੱਧਵਾਰ ਨੂੰ ਸਜਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਜੋ ਕਿ 6 ਜਨਵਰੀ 23 ਪੋਹ ਦਿਨ ਸੋਮਵਾਰ ਨੂੰ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਤੋਂ 8 ਵਜੇ ਸਵੇਰੇ ਪ੍ਰਾਰੰਭ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਝੂਲਦੇ ਨਿਸ਼ਾਨ ਸਾਹਿਬ, ਪੰਜ ਪਿਆਰਿਆਂ ਦੀ ਅਗਵਾਈ ਹੇਠ ਬੜੀ ਸ਼ਾਨੋ ਸ਼ੌਕਤ ਨਾਲ ਸਜਾਇਆ ਜਾਵੇਗਾ। ਇਹ ਵਿਸ਼ਾਲ ਨਗਰ ਕੀਰਤਨ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸ਼ਾਹਦੀਨ ਵਾਲਾ (ਸਵੇਰ ਦਾ ਲੰਗਰ) ਲੂੰਬੜੀ ਵਾਲਾ, ਜਨੇਰ, ਸਾਂਦੇ ਹਾਸ਼ਮ, ਕਾਕੂ ਵਾਲਾ, ਵਸਤੀ ਢਾਬ ਵਾਲੀ, ਵਸਤੀ ਅਜੀਜਵਾਲੀ, ਕਮੱਗਰ, ਪਿਆਰੇਆਣਾ, ਨਹਿਰ ਦਾ ਪੁੱਲ, ਖਲੀਲ ਵਾਲੀ ਵਸਤੀ, ਵਸਤੀ ਲਾਲ ਸਿੰਘ, ਵਸਤੀ ਭਾਗ ਸਿੰਘ, ਵਸਤੀ ਜੀਵਨ ਸਿੰਘ, ਮੱਲਵਾਲ, ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ, ਪਾਇਨਰ ਕਲੋਨੀ, ਆਲੇਵਾਲਾ, ਸਤੀਏ ਵਾਲਾ (ਦੁਪਹਿਰ ਦਾ ਲੰਗਰ) ਜੀ.ਟੀ ਰੋਡ ਫ਼ਿਰੋਜ਼ਪੁਰ ਛਾਉਣੀ, ਸ਼ੇਰਸ਼ਾਹ ਵਾਲੀ ਚੌਂਕ ਤੋਂ ਸੁਖਪਾਲ ਸਿੰਘ ਨੰਨੂ ਦੀ ਕੋਠੀ ਦੇ ਅੱਗੇ ਹੁੰਦਾ ਹੋਇਆ, ਉੱਚਾ ਪੁੱਲ, ਗਾਂਧੀ ਨਗਰ, ਸ਼ਹੀਦ ਊਧਮ ਸਿੰਘ ਚੌਂਕ, ਬਗਦਾਦੀ ਗੇਟ, ਜ਼ੀਰਾ ਗੇਟ, ਗੁਰਦੁਆਰਾ ਤੇਗ ਬਹਾਦਰ, ਖੂਹ ਕੋਟੀਆ ਵਾਲਾ, ਦਾਣਾ ਮੰਡੀ ਤੋਂ ਹੁੰਦਾ ਹੋਇਆ ਖੁਸ਼ਹਾਲ ਸਿੰਘ ਵਾਲਾ ਉਰਫ ਰੱਖੜੀ, ਗੋਡਰ ਵਾਲਾ (ਰਾਤ ਦਾ ਲੰਗਰ) ਆਸਲ ਉਪਰੰਤ ਸ਼ਾਮ ਨੂੰ ਗੁਰਦੁਆਰਾ ਸਾਹਿਬ ਪਹੁੰਚੇਗਾ। ਬਾਬਾ ਜੀ ਨੇ ਅੱਗੇ ਦੱਸਿਆ ਕਿ ਇਸ ਮਹਾਨ ਨਗਰ ਕੀਰਤਨ ਵਿਚ ਬੈਂਡ ਦੀ ਸੇਵਾ ਗੁਰੂ ਰਾਮ ਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸ਼ਾਹਦੀਨ ਵਾਲਾ ਦੇ ਬੱਚਿਆਂ ਵੱਲੋਂ ਕੀਤੀ ਜਾਵੇਗੀ। ਇਸ ਤੋਂ ਇਲਾਵਾ ਗੱਤਕਾ ਪਾਰਟੀ ਵੱਲੋਂ ਵੀ ਆਪਣੀ ਕਲਾਂ ਦੇ ਜ਼ੌਹਰ ਵਿਖਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਕਿਹਾ ਕਿ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਮਹਾਨ ਨਗਰ ਕੀਰਤਨ ਵਿਚ ਗੁਰੂ ਸਾਹਿਬ ਵੱਲੋਂ ਬਖਸ਼ਿਸ਼ ਹੋਏ ਟਰੈਕਟਰ ਟਰਾਲੀਆਂ, ਕਾਰਾਂ, ਜੀਪਾਂ, ਟਰੱਕ, ਬੱਸਾਂ ਲੈ ਕੇ ਗੁਰਦੁਆਰਾ ਸਾਹਿਬ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਅਤੇ ਆਪਣੀ ਮਸ਼ੀਨਰੀ ਬਾਰੇ ਗੁਰਦੁਆਰਾ ਸਾਹਿਬ ਵਿਖੇ ਨਾਮ ਦਰਜ ਕਰਵਾਉਣ। ਇਸ ਤੋਂ ਇਲਾਵਾ ਅਕੇਲਾ ਟਰੈਕਟਰ, ਮੋਟਰ ਸਾਈਕਲ ਦੀ ਮਨਾਹੀ ਹੈ। ਬਾਬਾ ਜੀ ਨੇ ਅੱਗੇ ਦੱਸਿਆ ਕਿ 8 ਜਨਵਰੀ (25 ਪੋਹ) ਦਿਨ ਬੁੱਧਵਾਰ ਨੂੰ ਦੀਵਾਨ ਸਜਾਏ ਜਾਣਗੇ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ। ਇਸ ਮੌਕੇ ਤੇ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਇਸ ਮੌਕੇ ਭਾਈ ਸੁਖਜੀਤ ਸਿੰਘ ਜੀ ਕੋਹਾਤਕਾਂ ਵਾਲੇ ਹਜ਼ੂਰੀ ਰਾਗੀ (ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ), ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਸ਼ੇਸ਼ ਤੌਰ ਤੇ ਪਹੁੰਚ ਕੇ ਆਪਣੀ ਹਾਜ਼ਰੀ ਲੁਆਉਣਗੇ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ, ਜਿਨ੍ਹਾਂ ਵਿਚ ਸੰਤ ਬਾਬਾ ਸੁੱਚਾ ਸਿੰਘ ਜੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ, ਸੰਤ ਬਾਬਾ ਗੁਰਬਚਨ ਸਿੰਘ ਜੀ ਸੰਪਰਦਾਇ ਬਾਬਾ ਬਿੱਧੀ ਚੰਦ ਜੀ ਸੁਰ ਸਿੰਘ ਵਾਲੇ, ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਜੀ ਢਾਬਸਰਬੋਰੀ ਵਾਲੇ, ਬਾਬਾ ਹਰਭਜਨ ਸਿੰਘ ਜੀ ਜੰਡ ਸਾਹਿਬ ਵਾਲੇ, ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਕੁਲਦੀਪ ਸਿੰਘ ਕਥਾਵਾਚਕ ਲੱਖੋਕੇ ਬਹਿਰਾਮ, ਭਾਈ ਅੰਮ੍ਰਿਤਪ੍ਰੀਤ ਸਿੰਘ ਰਾਗੀ ਜਥਾ ਫ਼ਿਰੋਜ਼ਪੁਰ ਵਾਲੇ, ਭਾਈ ਬੋਹੜ ਸਿੰਘ ਢਾਡੀ ਜਥਾ (ਬਾਰੇ ਕੇ), ਬੀਬੀ ਦਲਜੀਤ ਕੌਰ ਕਥਾਵਾਚਕ ਅਰਮਾਨਪੁਰਾ ਵਾਲੇ ਅਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸ਼ਾਹਦੀਨ (ਅਰਮਾਨਪੁਰਾ) ਦੇ ਬੱਚਿਆਂ ਵੱਲੋਂ ਕੀਰਤਨ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਬਾਬਾ ਜੀ ਨੇ ਸੰਗਤਾਂ ਨੂੰ ਬੇਨਤੀ ਕੀਤੀ ਕਿ 2 ਦਿਨ ਗੁਰੂ ਘਰ ਵਿਚ ਹਾਜ਼ਰੀ ਲੁਆ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



# ਸਾਨੂੰ ਗੁਰੂ ਦੇ ਭਾਣੇ ਵਿਚ ਰਹਿ ਕੇ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ—ਭਾਈ ਜ਼ੋਰਾ ਸਿੰਘ ਸੰਧੂ



ਫ਼ਿਰੋਜ਼ਪੁਰ, 2 ਜਨਵਰੀ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਰਵੈਣੀ ਚੌਂਕ ਫ਼ਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਭਾਈ ਜ਼ੋਰਾ ਸਿੰਘ ਸੰਧੂ ਨੇ ਅੱਜ ਕਥਾ ਕਰਦਿਆਂ ਆਖਿਆ ਕਿ ਸਾਨੂੰ ਗੁਰੂ ਦੇ ਭਾਣੇ ਵਿਚ ਰਹਿ ਕੇ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ, ਕਿਉਂਕਿ ਗੁਰੂ ਸਾਹਿਬ ਸਮਰਥ ਹਨ। ਭਾਵ ਜਿਹੜਾ ਮਨੁੱਖ ਗੁਰੂ ਦੀ ਸ਼ਰਨ ਵਿਚ ਰਹਿਣਾ ਸਿੱਖ ਲੈਂਦਾ ਹੈ, ਉਹ ਮੋਹ ਮਾਇਆ, ਕਰੋਧ, ਲੋਭ, ਹੰਕਾਰ ਤੋਂ ਬਚ ਜਾਂਦਾ ਹੈ, ਕਿਉਂਕਿ ਕਲਯੁੱਗੀ ਸ਼ੈਤਾਨ ਜੋ ਕਿ ਮਨੁੱਖ ਨੂੰ ਘੇਰ ਲੈਂਦਾ ਹੈ, ਭਾਵ ਜਦੋਂ ਮਨੁੱਖ ਨਾਮ ਜਪਣ ਬੈਠਦਾ ਹੈ ਤਾਂ ਕਲਯੁੱਗ ਨੇ ਕੋਈ ਨਾ ਕੋਈ ਸ਼ੈਤਾਨੀ ਜ਼ਰੂਰ ਕਰਦਾ ਹੈ। ਭਾਵ ਉਸ ਨੂੰ ਨਾਮ ਜਪਣ ਵਿਚ ਰੋੜਾ ਅਟਕਾਉਂਦਾ ਹੈ, ਇਸ ਲਈ ਹੇ ਮਨੁੱਖ ਮਨ ਦੇ ਮਗਰ ਨਾ ਲੱਗ ਅਤੇ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰ, ਗੁਰਬਾਣੀ ਦਾ ਪਾਠ ਕਰਨ ਨਾਲ, ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ ਅਤੇ ਦੁੱਖ ਕਲੇਸ਼ਾਂ ਦਾ ਨਾਸ਼ ਹੁੰਦਾ ਹੈ ਅਤੇ ਵਾਹਿਗੁਰੂ ਜੀ ਤੁਹਾਡੇ ਕੰਮ ਆਪ ਸਵਾਰਦਾ ਹੈ, ਪਰ ਵਾਹਿਗੁਰੂ ਜੀ ਤੇ ਭਰੋਸਾ ਰੱਖਣ ਦੀ ਜ਼ਰੂਰਤ ਹੈ। ਭਾਈ ਜ਼ੋਰਾ ਸਿੰਘ ਸੰਧੂ ਨੇ ਅੱਗੇ ਕਿਹਾ ਕਿ ਨਾਮ ਸਿਮਰਨ ਸਾਡੇ ਕੋਲ ਸਭ ਤੋਂ ਵੱਡੀ ਤਾਕਤ ਹੈ। ਇਸ ਲਈ ਸਵੇਰੇ—ਸ਼ਾਮ ਜਦੋਂ ਵੀ ਟਾਈਮ ਮਿਲੇ ਸਤਿਨਾਮ—ਵਾਹਿਗੁਰੂ ਜੀ ਦਾ ਨਾਮ ਜਪੋ।

# ਦਰਗਾਹ ਬਾਬਾ ਸ਼ੇਰਸ਼ਾਹ ਵਾਲੀ ਵਿਖੇ ਲਾਇਆ ਦੰਦਾਂ ਦਾ ਮੁਫਤ ਚੈਕਅਪ ਕੈਂਪ



**ਫ਼ਿਰੋਜ਼ਪੁਰ, 2 ਜਨਵਰੀ (ਮਨੋਹਰ ਲਾਲ) :—** ਫ਼ਿਰੋਜ਼ਪੁਰ—ਫ਼ਾਜ਼ਿਲਕਾ ਰੋਡ ਤੇ ਸਥਿਤ ਦਰਗਾਹ ਬਾਬਾ ਸ਼ੇਰਸ਼ਾਹ ਵਾਲੀ ਵਿਖੇ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਨਵੇਂ ਸਾਲ ਦੇ ਮੌਕੇ ਤੇ ਦੰਦਾਂ ਦਾ ਵਿਸ਼ੇਸ਼ ਮੁਫ਼ਤ ਚੈਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਵੱਡੀ ਗਿਣਤੀ ਸਥਾਨਕ ਲੋਕਾਂ ਨੇ ਸ਼ਮੂਲੀਅਤ ਕੀਤੀ, ਜਦੋਂ ਕਿ ਕਾਲਜ ਤੋਂ ਡਾ: ਮਨੀਸ਼ਾ ਅਤੇ ਡਾ: ਸਿਰਜਦੀਪ ਸਿੰਘ, ਡਾ: ਅਕਸ਼ਿਤ ਬੁਲੰਦੀ, ਡਾ: ਸ਼ੁਭਮ, ਡਾ: ਦੀਪਕ, ਡਾ: ਤਰਮਨਪ੍ਰੀਤ ਕੌਰ ਨੇ ਦੰਦਾਂ ਦੀ ਵਿਸਥਾਰਪੂਰਵਕ ਜਾਂਚ ਕੀਤੀ ਅਤੇ ਹਾਜ਼ਰੀਨ ਨੂੰ ਇਸ ਸਬੰਧੀ ਜ਼ਰੂਰੀ ਸਲਾਹ ਸਾਂਝੀ ਕੀਤੀ। ਮਾਹਿਰ ਡਾਕਟਰਾਂ ਵੱਲੋਂ ਦੰਦਾਂ ਦੀ ਦੇਖਭਾਲ ਕੈਂਪ ਦੌਰਾਨ ਲੋਕਾਂ ਨੂੰ ਮੂੰਹ ਦੀ ਸਿਹਤ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ ਅਤੇ ਦੰਦਾਂ ਦੀਆਂ ਬਿਮਾਰੀਆਂ ਦੇ ਕਾਰਨ, ਰੋਕਥਾਮ ਅਤੇ ਸਹੀ ਦੇਖਭਾਲ ਦੇ ਉਪਾਵਾਂ ਬਾਰੇ ਵੀ ਚਰਚਾ ਕੀਤੀ ਗਈ। ਇਹ ਉਪਰਾਲਾ ਨਾ ਸਿਰਫ਼ ਲੋਕਾਂ ਦੀਆਂ ਸਿਹਤ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਸਹਾਈ ਹੋਇਆ ਸਗੋਂ ਉਨ੍ਹਾਂ ਨੂੰ ਆਪਣੇ ਦੰਦਾਂ ਦੀ ਨਿਯਮਤ ਦੇਖਭਾਲ ਕਰਨ ਲਈ ਵੀ ਪ੍ਰੇਰਿਤ ਕੀਤਾ। ਕੈਂਪ ਦਾ ਆਯੋਜਨ ਕਰਨ ਵਾਲੀ ਕਮੇਟੀ ਦੇ ਚੇਅਰਮੈਨ ਅਸ਼ੋਕ ਪਸਰੀਜਾ ਨੇ ਕਾਲਜ ਦੀ ਟੀਮ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ ਅਤੇ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਪਰਾਲਾ ਸ਼ਲਾਘਾਯੋਗ ਹੈ ਅਤੇ ਕਾਲਜ ਦੀ ਸਮਾਜ ਪ੍ਰਤੀ ਸਮਰਪਣ ਭਾਵਨਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸਮਾਜ ਦੀ ਸਿਹਤ ਅਤੇ ਤੰਦਰੁਸਤੀ ਲਈ ਅਜਿਹੇ ਉਪਰਾਲੇ ਬਹੁਤ ਜ਼ਰੂਰੀ ਹਨ। ਇਹ ਸਮਾਗਮ ਸਮਾਜ ਸੇਵਾ ਦੀ ਇੱਕ ਮਿਸਾਲ ਹੀ ਨਹੀਂ ਸਗੋਂ ਇਹ ਸਾਬਤ ਕਰਦਾ ਹੈ ਕਿ ਜੈਨੇਸਿਸ ਡੈਂਟਲ ਕਾਲਜ ਵਿੱਦਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਮੋਹਰੀ ਰੋਲ ਅਦਾ ਕਰ ਰਿਹਾ ਹੈ। ਅੰਤ ਵਿੱਚ ਕਾਲਜ ਦੇ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਧਾਲੀਵਾਲ ਨੇ ਸਮੂਹ ਹਾਜ਼ਰੀਨ ਨੂੰ ਵਧਾਈ ਦਿੱਤੀ ਅਤੇ ਮੁਫ਼ਤ ਟੂਥਬਰਸ਼, ਟੂਥਪੇਸਟ ਅਤੇ ਜ਼ਰੂਰੀ ਦਵਾਈਆਂ ਵੰਡੀਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ

ਗੁਰੂਘਰਾਂ ਦੇ ਸੇਵਾਦਾਰ, ਸਾਰੀ ਦੁਨੀਆਂ ਵਿੱਚ ਸਿੱਖ ਧਰਮ ਸਰਬ ਸਾਂਝੀਵਾਲਤਾ ਦਾ ਪ੍ਰਚਾਰ ਅੰਮ੍ਰਿਤ ਸੰਚਾਰ ਕਰਨ, ਪੰਥ ਦੀ ਚੜਦੀਕਲਾ ਲਈ ਹਰ ਸੰਘਰਸ਼ ਵਿੱਚ ਮੋਹਰੀ ਰੋਲ ਅਦਾ ਕਰਨ, ਲੋੜਵੰਦਾਂ ਦੀ ਮੱਦਦ ਕਰਨ, ਹਰ ਸਾਲ ਗਰੀਬ ਬੱਚੀਆਂ ਦੇ ਵਿਆਹ ਕਰਨ, ਗੁਰਮਤਿ ਵਿਦਿਆ ਦਾ ਪਸਾਰ ਕਰਨ ਵਾਲੇ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ, ਹਰਿਆਣਾ ਸਿੱਖ
ਗੁਰਦੁਆਰਾ ਪ੍ਰਬੰਧਕ ਕਮੇਟੀ

ਹਲਕਾ ਕਾਲਾਂਵਾਲੀ (ਵਾਰਡ ਨੰ: 35) ਤੋਂ ਤੁਹਾਡੇ ਆਪਣੇ ਸੇਵਾਦਾਰ ਉਮੀਦਵਾਰ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ

ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ



ਸ: ਹਰਮੀਤ ਸਿੰਘ ਕਾਲਕਾ
ਪ੍ਰਧਾਨ, ਦਿੱਲੀ ਸਿੱਖ
ਗੁਰਦੁਆਰਾ ਪ੍ਰਬੰਧਕ ਕਮੇਟੀ

ਸਰਬੱਤ ਸੰਗਤਾਂ 19 ਜਨਵਰੀ 2025 ਨੂੰ

ਚੋਣ ਨਿਸ਼ਾਨ



ਸਮੁੰਦਰੀ ਜਹਾਜ

ਦੇ ਚੋਣ ਨਿਸ਼ਾਨ ਤੇ ਮੋਹਰਾਂ ਲਾ ਕੇ ਉਨਾਂ ਨੂੰ ਜਿਤਾਓ ਅਤੇ ਪੰਥ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਕੇ ਧੰਨਵਾਦੀ ਬਣਾਉ ਜੀ।

ਸੰਪਰਕ: 93560-60960, 98140-15740, 97284-07015



# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ

ਹਲਕਾ ਕਾਲਾਂਵਾਲੀ (ਵਾਰਡ ਨੰ: 35) ਤੋਂ
ਤੁਹਾਡੇ ਆਪਣੇ ਸੇਵਾਦਾਰ ਉਮੀਦਵਾਰ


## ਜਥੇਦਾਰ ਬਲਜੀਤ ਸਿੰਘ ਦਾਦੂਵਾਲ

ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ

ਸਰਬੱਤ ਸੰਗਤਾਂ 19 ਜਨਵਰੀ 2025 ਨੂੰ

ਦੇ ਚੋਣ ਨਿਸ਼ਾਨ ਨੰ: 1 ਤੇ ਬਟਨ ਦਬਾਕੇ ਕੇ ਉਨਾਂ ਨੂੰ ਜਿਤਾਓ ਅਤੇ ਪੰਥ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਕੇ ਧੰਨਵਾਦੀ ਬਣਾਉ ਜੀ।

ਚੋਣ ਨਿਸ਼ਾਨ



ਸਮੁੰਦਰੀ ਜਹਾਜ

ਸੰਪਰਕ: 93560-60960
98140-15740
97284-07015



ਆਵਾਜ਼ਿ ਕੌਮ AWAZE QAUM
International Newspaper & WEB TV

ਨਵੇਂ ਸਾਲ ਦੀ ਆਮਦ ਤੇ ਤਖਤ ਪਟਨਾ ਸਾਹਿਬ ਵਿਖੇ

# ਦਰਸ਼ਨਾਂ ਲਈ ਉਮੜਿਆ ਸੰਗਤ ਦਾ ਸੈਲਾਬ




ਨਵੀਂ ਦਿੱਲੀ, 2 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਤਖਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿੱਚ ਨਵੇਂ ਸਾਲ ਦੇ ਪਹਿਲੇ ਦਿਨ ਇੱਕ ਲੱਖ ਤੋਂ ਵੱਧ ਸੰਗਤ ਨੇ ਗੁਰੂ ਮਹਾਰਾਜ ਦੇ ਦਰਸ਼ਨ ਕੀਤੇ ਅਤੇ ਲੰਗਰ ਪ੍ਰਸਾਦ ਨੂੰ ਅਨੰਦਿਤ ਕੀਤਾ। ਤਖਤ ਪਟਨਾ ਕਮੇਟੀ ਵੱਲੋਂ ਸੰਗਤ ਲਈ ਪੂਰੀ ਤਰ੍ਹਾਂ ਪ੍ਰਬੰਧ ਕੀਤੇ ਗਏ ਸਨ। ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਸੀਨੀਅਰ ਪ੍ਰਧਾਨ ਲਖਵਿੰਦਰ ਸਿੰਘ, ਸਕੱਤਰ ਗੁਰਵਿੰਦਰ ਸਿੰਘ, ਮਹਾਸਚਿਵ ਇੰਦਰਜੀਤ ਸਿੰਘ, ਸਕੱਤਰ ਹਰਬੰਸ ਸਿੰਘ ਅਤੇ ਪੂਰੀ ਕਮੇਟੀ ਨੇ ਸੰਗਤ ਨੂੰ ਨਵੇਂ ਸਾਲ ਦੀਆਂ ਵਧਾਈਆਂ ਦਿੱਤੀਆਂ। ਸਰਦਾਰ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਉਨ੍ਹਾਂ ਨੂੰ ਪਹਿਲਾਂ ਹੀ ਇਹ ਅੰਦਾਜ਼ਾ ਸੀ ਕਿ ਇਸ ਮੌਕੇ ਵਡੀ ਗਿਣਤੀ ਅੰਦਰ ਸੰਗਤਾਂ ਤਖਤ ਸਾਹਿਬ ਦਰਸ਼ਨ ਲਈ ਆਉਣਗੀਆਂ 'ਤੇ ਕਮੇਟੀ ਨੇ ਸਾਰੇ ਪ੍ਰਬੰਧ ਪਹਿਲਾਂ ਹੀ ਕਰ ਲਏ ਸਨ, ਜਿਸ ਕਰਕੇ ਸੰਗਤ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਹੋਇਆ। ਉਨ੍ਹਾਂ ਨੇ ਦੱਸਿਆ ਕਿ 4 ਤੋਂ 6 ਜਨਵਰੀ ਤੱਕ ਗੁਰੂ ਮਹਾਰਾਜ ਦਾ ਪ੍ਰਕਾਸ਼ ਮਨਾਉਣ ਲਈ ਵੀ ਬਹੁਤ ਸਾਰੀ ਸੰਗਤ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਹੈ, ਅਤੇ ਉਨ੍ਹਾਂ ਲਈ ਵੀ ਸਾਰੇ ਪ੍ਰਬੰਧ ਕਮੇਟੀ ਵੱਲੋਂ ਪੂਰਿਆਂ ਤੌਰ 'ਤੇ ਕੀਤੇ ਗਏ ਹਨ। ਸੰਗਤ ਦੀ ਰਹਿਣ-ਸਹਿਣ, ਲੰਗਰ, ਮੈਡੀਕਲ, ਅਤੇ ਯਾਤਰਾ ਆਦਿ ਦੇ ਪ੍ਰਬੰਧ ਕਮੇਟੀ ਵੱਲੋਂ ਕੀਤੇ ਗਏ ਹਨ।

ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# ਪਿੰਡ ਭਾਗੀਵਾਂਦਰ ਵਿਖੇ ਸਜਾਏ ਨਗਰ ਕੀਰਤਨ



ਤਲਵੰਡੀ ਸਾਬੋ, 02 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸਾਹਿਬ-ਏ-ਕਮਾਲ ਸਿੱਖ ਜਗਤ ਦੇ ਦਸਵੇਂ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪਵਿੱਤਰ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਿੱਖ ਸੰਗਤਾਂ ਵੱਲੋਂ ਇਤਿਹਾਸਕ ਗੁਰਦੁਆਰਾ ਸ੍ਰੀ ਜੰਡਸਰ ਸਾਹਿਬ ਪਾਤਸ਼ਾਹੀ ਦਸਵੀਂ ਭਾਗੀਵਾਂਦਰ ਵਿਖੇ ਪੰਜ ਪਿਆਰਿਆਂ ਦੀ ਅਗਵਾਈ 'ਚ ਪਵਿੱਤਰ ਪਾਲਕੀ 'ਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ-ਛਾਇਆ ਹੇਠ ਇਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ, ਜੋ ਗੁਰਦੁਆਰਾ ਸ੍ਰੀ ਜੰਡਸਰ ਸਾਹਿਬ ਦੇ ਹੈਡ ਗ੍ਰੰਥੀ ਜਸਵਿੰਦਰ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਰਵਾਨਾ ਹੋਇਆ ਜੋ ਵੱਖ+ਵੱਖ ਪੜਾਵਾਂ ਤੋਂ ਹੁੰਦਾ ਹੋਇਆ ਸ਼ਾਮ ਸਮੇਂ ਗੁਰਦੁਆਰਾ ਸ੍ਰੀ ਜੰਡਸਰ ਸਾਹਿਬ ਵਿਖੇ ਸੰਪੂਰਨ ਹੋਇਆ। ਇਸ ਮੌਕੇ ਸੰਗਤਾਂ ਵੱਲੋਂ ਵੱਖ-ਵੱਖ ਪੜਾਵਾਂ 'ਤੇ ਨਗਰ ਕੀਰਤਨ 'ਚ ਸ਼ਾਮਿਲ ਸੰਗਤਾਂ ਲਈ ਚਾਹ, ਬਰੈੱਡ-ਪਕੌੜੇ ਆਦਿ ਦੇ ਲੰਗਰ ਸਜਾਏ ਗਏ। ਭਾਈ ਗੁਰਸੰਗਤ ਸਿੰਘ ਦੇ ਕੀਰਤਨੀ ਜਥੇ ਵੱਲੋਂ ਨਾਲੋਂ-ਨਾਲ ਪਵਿੱਤਰ ਬਾਣੀ ਦੇ ਨੇ ਰਸਭਿੰਨਾਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਨਗਰ ਕੀਰਤਨ ਦੀ ਵਿਸ਼ੇਸ਼ਤਾ ਇਹ ਰਹੀ ਕਿ ਸਿੱਖੀ ਲਿਬਾਸ 'ਚ ਸਜੀਆਂ ਸੰਗਤਾਂ ਸਭ ਦੀ ਖਿੱਚ ਦਾ ਕੇਂਦਰ ਬਣੀਆਂ ਹੋਈਆਂ ਸਨ। ਬਾਬਾ ਦੀਪ ਸਿੰਘ ਗਤਕਾ ਅਖਾੜਾ ਮਾਹੀਨੰਗਲ ਵੱਲੋਂ ਗਤਕੇ ਦੇ ਸੰਗਤਾਂ ਨੂੰ ਜੌਹਰ ਦਿਖਾਏ ਗਏ ਦੋਨਾਂ ਪਿੰਡਾਂ ਦੇ ਵਿੱਚ ਸਰਪੰਚਾਂ ਕ੍ਰਿਸ਼ਨ ਸਿੰਘ ਅਤੇ ਜਗਸੀਰ ਸਿੰਘ ਨੇ ਨਵੀਆਂ ਬਣੀਆਂ ਪੰਚਾਇਤਾਂ ਨੂੰ ਸਿਰੋਪਾਓ ਭੇਟ ਕੀਤੇ ਗਏ ਅਤੇ ਨਵੀਆਂ ਪੰਚਾਇਤਾਂ ਵੱਲੋਂ ਪੰਜ ਪਿਆਰਿਆਂ ਨੂੰ ਵੀ ਸਿਰੋਪਾਓ ਦਿੱਤੇ ਗਏ। ਇਸ ਮੌਕੇ ਸਥਾਨਕ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਭਾਈ ਨਛੱਤਰ ਸਿੰਘ ਵੱਲੋਂ ਸਿੱਖ ਸੰਗਤਾਂ ਨੂੰ ਗੁਰੂ ਦਾ ਅੰਮ੍ਰਿਤ ਛਕ ਕੇ ਸਿੰਘ ਸਜਣ ਦੀ ਦੀ ਬੇਨਤੀ ਕੀਤੀ ਗਈ।

# ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਸੰਗਤਾਂ ਦਾ ਰਿਕਾਰਡ ਤੋੜ ਇਕੱਠ- ਡਾ. ਵਿਜੇ ਸਤਬੀਰ ਸਿੰਘ



**ਚੌਕ ਮਹਿਤਾ, 2 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਡਾ. ਵਿਜੇ ਸਤਬੀਰ ਸਿੰਘ ਪ੍ਰਸ਼ਾਸਕ ਗੁਰਦੁਆਰਾ ਸੱਚਖੰਡ ਬੋਰਡ ਨਾਂਦੇੜ ਨੇ ਨਵੇਂ ਈਸਵੀ ਸਾਲ 2025 ਦੀਆਂ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਨਾਨਕ ਨਾਮ ਲੇਵਾ ਸਮੂੰਹ ਸੰਗਤਾਂ ਨੂੰ ਵਧਾਈਆਂ ਦੇਂਦੇ ਹੋਏ ਕਿਹਾ ਕਿ ਨਵਾਂ ਸਾਲ ਸਾਰਿਆਂ ਨੂੰ ਮੁਬਾਰਕ ਹੋਵੇ ਤੇ ਜਿੰਦਗੀ ਵਿੱਚ ਹਰ ਤਰ੍ਹਾਂ ਦੇ ਸੁੱਖਾਂ ਦੀ ਪ੍ਰਾਪਤੀ ਹੋਵੇ, ਆਪਸੀ ਪ੍ਰੇਮ, ਪਿਆਰ ਤੇ ਭਾਈਚਾਰਕ ਸਾਂਝ ਵਿੱਚ ਹੋਰ ਵਾਧਾ ਹੋਵੇ । ਉਨ੍ਹਾਂ ਦੱਸਿਆ ਕਿ ਤਖ਼ਤ ਸੱਚਖੰਡ ਸਾਹਿਬ ਵਿਖੇ ਪਿਛਲੇ ਕਈ ਸਾਲਾਂ ਦੇ ਮੁਕਾਬਲੇ 31 ਦਸੰਬਰ ਦੀ ਰਾਤ ਨੂੰ ਸੰਗਤਾਂ ਦਾ ਰਿਕਾਰਡ ਤੋੜ ਇਕੱਠ ਹੋਇਆ। ਦੁਨੀਆਂ ਭਰ ਤੋਂ ਪੁੱਜੀਆਂ ਸੰਗਤਾਂ ਲਈ ਸਰਾਵਾਂ ਅਤੇ ਬਾਹਰ ਹੋਟਲਾਂ ਵਿੱਚ ਰਿਹਾਇਸ਼ ਦੇ ਪੁਖਤਾ ਪ੍ਰਬੰਧ ਕੀਤੇ ਗਏ, ਇਥੋਂ ਤੱਕ ਕਿ ਪਰੀਸਰ ਵਿੱਚ ਗੁਰਦੁਆਰੇ ਦੇ ਦਫਤਰ ਵੀ ਖਾਲੀ ਕਰਕੇ ਰਿਹਾਇਸ਼ ਲਈ ਦਿਤੇ ਗਏ । ਸਭ ਤੋਂ ਵੱਡੀ ਗੱਲ ਕਿ ਸੱਚਖੰਡ ਪਰੀਸਰ ਦੇ ਨਾਲ ਗੈਲਰੀਆਂ ਤੇ ਛੱਤਾਂ ਵੀ ਸੰਗਤਾਂ ਦੇ ਇਕੱਠ ਨਾਲ ਭਰੀਆਂ ਪਈਆਂ ਸਨ ਨਵੇਂ ਸਾਲ ਦੀ ਆਮਦ 'ਤੇ ਹਰ ਸਾਲ ਦੀ ਤਰ੍ਹਾਂ ਬਾਵਾ ਪਰਿਵਾਰ ਮੁੰਬਈ ਵਲੋਂ 31 ਦਸੰਬਰ ਦੀ ਰਾਤ ਨੂੰ ਹੋਏ ਕੀਰਤਨ ਸਮਾਗਮ ਵਿੱਚ ਪੰਥ ਪ੍ਰਸਿੱਧ ਰਾਗੀ ਜੱਥਾ ਭਾਈ ਹਰਜਿੰਦਰ ਸਿੰਘ ਜੀ ਸ੍ਰੀਨਗਰ ਵਾਲੇ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਭਾਈ ਸਿਮਰਜੀਤ ਸਿੰਘ ਜੀ ਤੇ ਬਾਬਾ ਕੁੰਦਨ ਸਿੰਘ ਭਲਾਈ ਕੇਂਦਰ ਦੇ ਵਿਦਿਆਰਥੀਆਂ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ 1 ਜਨਵਰੀ ਨੂੰ ਭਾਈ ਤੇਜਿੰਦਰ ਸਿੰਘ ਜੀ (ਆਸ਼ੂ ਵੀਰਜੀ) ਦਿੱਲੀ ਵੱਲੋਂ ਕਰਵਾਏ ਕੀਰਤਨ ਸਮਾਗਮ ਵਿੱਚ ਭਾਈ ਅਮਰਜੀਤ ਸਿੰਘ ਜੀ ਪਟਿਆਲਾ ਵਾਲੇ, ਭਾਈ ਗੁਰਪ੍ਰੀਤ ਸਿੰਘ ਜੀ ਸ਼ਿਮਲੇਵਾਲੇ, ਭਾਈ ਗੁਰਪ੍ਰੀਤ ਸਿੰਘ ਜੀ ਬਾਬਾ ਬਕਾਲਾ ਨੇ ਹਾਜ਼ਰੀਆਂ ਭਰੀਆਂ । ਇਸ ਮੌਕੇ ਸਿੰਘ ਸਾਹਿਬ ਜਥੇਦਾਰ ਬਾਬਾ ਕੁਲਵੰਤ ਸਿੰਘ ਜੀ ਤੇ ਸਮੂੰਹ ਪੰਜ ਪਿਆਰੇ ਸਾਹਿਬਾਨ ਹਾਜ਼ਰ ਸਨ । ਗੁਰਦੁਆਰਾ ਬੋਰਡ ਵਲੋਂ ਦੁਸ਼ਟ ਦਮਨ ਜੰਤਰੀ 2025 ਦਾ ਵਿਮੋਚਨ ਕੀਤਾ ਗਿਆ। ਇਨ੍ਹਾਂ ਪ੍ਰੋਗਰਾਮਾਂ ਨੂੰ ਵੇਖਣ ਲਈ ਸੰਗਤਾਂ ਵਾਸਤੇ ਪਰਿਕਰਮਾ ਵਿੱਚ ਵੱਡੀਆਂ ਟੀ. ਵੀ. ਸਕਰੀਨਾਂ ਲਾਈਆਂ ਗਈਆਂ ਸਨ । ਇਸ ਮੌਕੇ ਡਾ. ਵਿਜੇ ਸਤਬੀਰ ਸਿੰਘ ਜੀ ਪ੍ਰਸ਼ਾਸਕ ਵੱਲੋਂ ਸ੍ਰ: ਰਾਜਦਵਿੰਦਰ ਸਿੰਘ ਸੁਪਰਡੈਂਟ ਨੇ ਗੁਰਦੁਆਰਾ ਬੋਰਡ ਵਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਦਸਿਆ ਕਿ ਸੇਵਾਦਾਰ ਹੋਣ ਦੇ ਨਾਤੇ ਅਸੀਂ ਪੂਰੀ ਨਿਸ਼ਠਾ ਤੇ ਸੱਚੇ ਮਨ ਨਾਲ ਸੰਗਤ ਦੀ ਸੇਵਾ ਵਿੱਚ ਲੱਗੇ ਹੋਏ ਹਾਂ । ਜਿਸ ਤਰ੍ਹਾਂ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਤੋਂ ਆਦਮਪੁਰ, ਗਾਜੀਆਬਾਦ, ਅਹਿਮਦਾਬਾਦ, ਬੰਗਲੌਰ, ਪੂਨਾ ਆਦਿ ਲਈ ਹਵਾਈ ਸੇਵਾਵਾਂ ਸ਼ੁਰੂ ਹੋਈਆਂ ਹਨ, ਉਸੇ ਤਰ੍ਹਾਂ ਹੁਣ ਸ੍ਰੀ ਅੰਮ੍ਰਿਤਸਰ ਸਾਹਿਬ, ਚੰਡੀਗੜ੍ਹ, ਦਿੱਲੀ, ਮੁੰਬਈ ਆਦਿ ਲਈ ਹਵਾਈ ਸੇਵਾਵਾਂ ਸ਼ੁਰੂ ਕਰਵਾਉਣ ਲਈ ਕੇਂਦਰ ਸਰਕਾਰ ਨਾਲ ਸੰਪਰਕ ਵਿੱਚ ਹਾਂ । ਉਨ੍ਹਾਂ ਦੱਸਿਆ ਕਿ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਯਾਤਰੀ ਨਿਵਾਸ ਦੀ ਉਸਾਰੀ ਦਾ ਕਾਰਜ ਸੰਤ ਬਾਬਾ ਨਰਿੰਦਰ ਸਿੰਘ ਜੀ ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਵਾਲੇ ਮਹਾਪੁਰਖਾਂ ਦੇ ਸਪੁਰਦ ਕੀਤਾ ਗਿਆ ਹੈ ਜੋ ਜਲਦ ਹੀ ਤਿਆਰ ਹੋ ਕੇ ਸੰਗਤ ਅਰਪਨ ਹੋ ਜਾਵੇਗੀ । ਡਾ. ਵਿਜੇ ਸਤਬੀਰ ਸਿੰਘ ਜੀ ਨੇ ਦਸਿਆ ਯਾਤਰੂਆਂ ਨੂੰ ਐਮਰਜੰਸੀ ਮੈਡੀਕਲ ਸਹੂਲਤਾਂ ਪ੍ਰਦਾਨ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ । ਹਾਰਟ ਦੇ ਮਰੀਜਾਂ ਲਈ ਫਸਟ ਏਡ ਮਸ਼ੀਨਾਂ ਲਗਾਉਣ ਦਾ ਯਤਨ ਕੀਤਾ ਰਿਹਾ ਹੈ । ਯਾਤਰੂਆਂ ਨੂੰ ਸੇਹਤ ਦੀ ਕੋਈ ਪ੍ਰੇਸ਼ਾਨੀ ਨਾ ਆਵੇ, ਇਸ ਲਈ ਐਂਬੂਲੰਸ ਗੱਡੀ ਹਰ ਵੇਲੇ ਤਿਆਰ ਰਹਿੰਦੀ ਹੈ । ਉਨ੍ਹਾਂ ਦੱਸਿਆ ਹੈ ਕਿ ਸ਼ਿਕਲੀਗਰ ਸਮਾਜ ਦਾ ਗੁਰੂ ਸਾਹਿਬਾਨ ਦੇ ਸਮੇਂ ਤੋਂ ਹੀ ਕੁਰਬਾਨੀਆਂ ਭਰਿਆਂ ਇਤਿਹਾਸ ਹੈ । ਇਨ੍ਹਾਂ ਦੇ ਬੱਚਿਆਂ ਨੂੰ ਪੜ੍ਹਾਈ ਅਤੇ ਕਲਾ ਦੇ ਖੇਤਰ ਵਿੱਚ ਅਗਾਂਹ ਵਧਣ ਤੇ ਆਰਥਿਕ ਪੱਖੋਂ ਉਚਾਈਆਂ ਤੇ ਪਹੁੰਚਾਉਣ ਲਈ ਗੁਰਦੁਆਰਾ ਬੋਰਡ ਅਧੀਨ ਚਲ ਰਹੇ ਵਿਦਿਅਕ ਅਦਾਰਿਆਂ ਵਿੱਚ ਪੜ੍ਹਾਈ ਕਰ ਰਹੇ ਬੱਚਿਆਂ ਨੂੰ ਫਰੀ ਐਜੂਕੇਸ਼ਨ ਮੁਹੱਈਆਂ ਕਰਵਾਈ ਜਾਵੇਗੀ ਤੇ ਕਿਤਾਬਾਂ, ਕਾਪੀਆਂ, ਪੈਨ ਅਤੇ ਯੂਨੀਫਾਰਮ ਆਦਿ ਦਾ ਸਾਰਾ ਖਰਚ ਗੁਰਦੁਆਰਾ ਬੋਰਡ ਵਲੋਂ ਕੀਤਾ ਜਾਵੇਗਾ ।

# ਨੈਸ਼ਨਲ ਲਾਈਵਸਟਾਕ ਮਿਸ਼ਨ ਅਧੀਨ ਪਸ਼ੂਆਂ ਦੇ ਬੀਮੇ ਦੀ ਰਾਸ਼ੀ ਤੇ 70 ਫੀਸਦੀ ਤੱਕ ਸਬਸਿਡੀ ਉਪਲੱਬਧ

**ਪਠਾਨਕੋਟ, 2 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਕਸ਼ਮੀਰ ਸਿੰਘ ਸੰਯੁਕਤ ਡਾਇਰੈਕਟਰ ਡੇਅਰੀ ਵਿਕਾਸ, ਮੋਹਾਲੀ ਜੀ ਨੇ ਦੱਸਿਆ ਕਿ ਪਸੂਆਂ ਨੂੰ ਹੋਣ ਵਾਲੀਆਂ ਬੀਮਾਰੀਆਂ ਮੂੰਹ ਖੁਰ, ਲੰਪੀ ਸਕਿੱਨ, ਗੱਲਘੋਟੂ ਆਦਿ ਕਾਰਨ ਕਈ ਵਾਰ ਪਸੂਆਂ ਦੀ ਮੋਤ ਹੋ ਜਾਂਦੀ ਹੈ। ਇਨ੍ਹਾਂ ਮੋਤਾਂ ਨਾਲ ਛੋਟੇ ਅਤੇ ਦਰਮਿਆਣੇ ਡੇਅਰੀ ਫਾਰਮਰਾਂ ਦਾ ਆਰਥਿਕ ਨੁਕਸਾਨ ਹੋ ਜਾਂਦਾ ਹੈ, ਭਾਵੇ ਕਿ ਇਨ੍ਹਾਂ ਬੀਮਾਰੀਆਂ ਦੀ ਰੋਕਥਾਮ ਲਈ ਸਰਕਾਰ ਵੱਲੋ ਪਸ਼ੂਆਂ ਦਾ ਸਮੇਂ ਸਮੇਂ ਤੇ ਟੀਕਾਕਰਨ ਕੀਤਾ ਜਾਂਦਾ ਹੈ , ਪਰ ਫਿਰ ਵੀ ਸਰਕਾਰ ਵੱਲੋ ਪਸ਼ੂ-ਧਨ ਦੇ ਵਿੱਤੀ ਨੁਕਸਾਨ ਨੂੰ ਘੱਟ ਕਰਨ ਲਈ ਬੀਮੇ ਦੀ ਰਾਸ਼ੀ ਤੇ ਸਬਸਿਡੀ ਦੀ ਸਹੂਲਤ ਵੀ ਦੇ ਦਿੱਤੀ ਗਈ ਹੈ। ਪਸ਼ੂਆਂ ਦੇ ਆਰਥਿਕ ਨੁਕਸਾਨ ਨੂੰ ਘੱਟ ਕਰਨ ਲਈ ਡੇਅਰੀ ਵਿਕਾਸ ਵਿਭਾਗ ,ਪੰਜਾਬ ਵੱਲੋ ਨੈਸ਼ਨਲ ਲਾਈਵਸਟਾਕ ਮਿਸ਼ਨ ਸਕੀਮ ਅਧੀਨ ਮੱਝਾਂ ਅਤੇ ਗਾਵਾਂ ਦੇ ਬੀਮੇ ਦੀ ਰਾਸ਼ੀ ਤੇ ਅਨੁਸੂਚਿਤ ਜਾਤੀ ਲਾਭਪਾਤਰੀਆਂ ਨੂੰ 70 ਪ੍ਰਤੀਸ਼ਤ ਸਬਸਿਡੀ ਅਤੇ ਜਨਰਲ ਜਾਤੀ ਲਾਭਪਾਤਰੀਆਂ ਨੂੰ 50 ਪ੍ਰਤੀਸ਼ਤ ਸਬਸਿਡੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਫਾਰਮਰ 1 ਤੋ 5 ਪਸ਼ੂਆਂ ਦਾ ਬੀਮਾ ਕਰਵਾ ਸਕਦਾ ਹੈ। ਇਸ ਸਕੀਮ ਤਹਿਤ ਪ੍ਰਤੀ ਪਸੂ ਦੀ ਕੀਮਤ 70 ਹਜਾਰ ਰੁਪਏ ਨਿਰਧਾਰਿਤ ਕੀਤੀ ਗਈ ਹੈ। ਇਸ ਸਕੀਮ ਅਧੀਨ 1 ਸਾਲ ਦਾ ਬੀਮਾਂ ਐਸ.ਸੀ ਅਤੇ ਐਸ.ਟੀ ਫਾਰਮਰਾਂ ਦੇ ਪਸੂਆਂ ਲਈ 672 ਰੁਪਏ ਵਿੱਚ, 2 ਸਾਲ ਦਾ ਬੀਮਾਂ 1260 ਰੁਪਏ ਵਿੱਚ ਅਤੇ 3 ਸਾਲ ਦਾ ਬੀਮਾਂ 1680 ਰੁਪਏ ਪ੍ਰਤੀ ਪਸ਼ੂ ਅਦਾ ਕਰਕੇ ਕਰਵਾ ਸਕਦਾ ਹੈ। ਜਨਰਲ ਜਾਤੀ ਦੇ ਫਾਰਮਰਾਂ ਦੇ ਪਸੂਆਂ ਦਾ ਬੀਮਾਂ 1 ਸਾਲ ਲਈ 1120 ਰੁਪਏ ਵਿੱਚ, 2 ਸਾਲ ਦਾ ਬੀਮਾਂ 2100/- ਰੁਪਏ ਵਿੱਚ ਅਤੇ 3 ਸਾਲ ਦਾ ਬੀਮਾਂ 2800/- ਰੁਪਏ ਪ੍ਰਤੀ ਪਸ਼ੂ ਅਦਾ ਕਰਕੇ ਕਰਵਾ ਸਕਦਾ ਹੈ। ਇਸ ਸਕੀਮ ਦਾ ਲਾਭ ਕੋਈ ਵੀ ਦੁੱਧ ਉਤਪਾਦਕ ਜਿਸ ਨੇ ਬੈਂਕ ਤੋਂ ਡੇਅਰੀ ਕਰਜਾ ਲਿਆ ਹੈ ਜਾ ਨਹੀਂ ਲਿਆ ਹੈ, ਕਿਸਾਨ ਕ੍ਰੈਡਿਟ ਕਾਰਡ ਸਕੀਮ ਲਈ ਹੈ ਜਾ ਨਹੀਂ ਲਈ ਹੈ, ਸਕੀਮ ਦਾ ਲਾਭ ਲੈ ਸਕਦਾ ਹੈ।

ਇਸ ਤੋਂ ਇਲਾਵਾ ਸਿੱਧੇ ਤੌਰ ਤੇ ਡੇਅਰੀ ਕਿੱਤਾ ਕਰਨ ਵਾਲੇ ਕਿਸਾਨ ਵੀ ਇਸ ਸਕੀਮ ਦਾ ਲਾਭ ਲੈ ਸਕਦੇ ਹਨ। ਜਿਲ੍ਹਾ ਪਠਾਨਕੋਟ ਦੇ ਸਮੂਹ ਦੁੱਧ ਉਤਪਾਦਕ ਇਸ ਸਕੀਮ ਦਾ ਵੱਧ ਤੋ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪਠਾਨਕੋਟ ਨਾਲ ਸਬੰਧਤ ਦੁੱਧ ਉਤਪਾਦਕ ਵਧੇਰੇ ਜਾਣਕਾਰੀ ਲਈ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਪਠਾਨਕੋਟ, ਜਿਲ੍ਹਾ ਪ੍ਰਬੰਧਕੀ ਕੰਪਲੈਕਸ, ਦੂਜੀ ਮੰਜਿਲ, ਕਮਰਾ ਨੰ: 345-ਏ ਵਿਖੇ ਅਤੇ ਫੋਨ ਨੰਬਰ 9878528364, 8284968878, 9876260243 ਤੇ ਸਪੰਰਕ ਕਰ ਸਕਦੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

# ਡਾ. ਮਨਮੋਹਨ ਸਿੰਘ

ਸਾਬਕਾ ਪ੍ਰਧਾਨ ਮੰਤਰੀ, ਭਾਰਤ

ਜੋ ਮਿਤੀ 26 ਦਸੰਬਰ 2024 ਨੂੰ ਸਦੀਵੀ ਵਿਛੋੜਾ ਦੇ ਕੇ ਗੁਰੂ ਮਹਾਰਾਜ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ, ਉਨ੍ਹਾਂ ਦੇ ਨਮਿਤ

## ਕੀਰਤਨ ਅਤੇ ਅੰਤਿਮ ਅਰਦਾਸ

## ਸ਼ੁੱਕਰਵਾਰ, 3 ਜਨਵਰੀ 2025

ਦੁਪਹਿਰ 3.00 ਤੋਂ 4.00 ਵਜੇ ਤੱਕ

**ਭਾਈ ਲੱਖੀ ਸ਼ਾਹ ਵਣਜਾਰਾ ਹਾਲ, ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਹੋਵੇਗੀ।**

ਸੰਗਤਾਂ ਨੂੰ ਬੇਨਤੀ ਹੈ ਕਿ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋ ਕੇ ਆਪਣੀ ਸ਼ਰਧਾ ਦੇ ਫੁੱਲ ਭੇਟ ਕਰੋ ਜੀ।

ਹਰਮੀਤ ਸਿੰਘ ਕਾਲਕਾ
ਪ੍ਰਧਾਨ

ਹਰਵਿੰਦਰ ਸਿੰਘ ਕੇ.ਪੀ.
ਸੀਨੀਅਰ ਮੀਤ ਪ੍ਰਧਾਨ

ਜਗਦੀਪ ਸਿੰਘ ਕਾਹਲੋਂ
ਜਨਰਲ ਸਕੱਤਰ

ਜਸਪ੍ਰੀਤ ਸਿੰਘ ਕਰਮਸਰ
ਚੇਅਰਮੈਨ, ਧਰਮ ਪ੍ਰਚਾਰ ਕਮੇਟੀ

ਆਤਮਾ ਸਿੰਘ ਲੁਬਾਣਾ ਮੀਤ ਪ੍ਰਧਾਨ

ਜਸਮੇਨ ਸਿੰਘ ਨੋਨੀ ਜਾਇੰਟ ਸਕੱਤਰ

## ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ